**ਅੱਜ ਦਾ ਸ਼ੁਭ ਵਿਚਾਰ**



ਸਾਨੂੰ ਪੜ੍ਹੇ ਲਿਖੇ ਅਤੇ ਅਗਾਹ ਵਧੂ ਸੋਚ ਰੱਖ ਵਾਲੇ ਨੌਜਵਾਨ ਉਮੀਦਵਾਰ ਤੇ ਹੱਕ ਵਿੱਚ ਵੋਟ ਕਰਨੀ ਚਾਹੀਦੀ ਹੈ। ਫਿਰ ਹੀ ਪਿੰਡ ਤਰੱਕੀ ਕਰ ਸਕਦਾ ਹੈ।

**ਬਹਾਦਰ ਸਿੰਘ ਢੰਡਾ**

ਰੋਜ਼ਾਨਾ ਲੋਕ ਬਾਣੀ
www.lokbani.com



ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 21 ਅਕਤੂਬਰ 2024

Email:- lokbani08@gmail.com



ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ

ਕੈਨੇਡਾ

ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ

ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ

easyvisa

81980 95553



ਸਾਲ : 16 । ਅੰਕ : 132 । ਮੁੱਲ : 6 ਰੁਪਏ । ਕੁੱਲ ਪੇਜ : 10 । ਦਫਤਰ : 0181-2211009 (ਮੋਬ.) 99155-94111



ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ

ਕੈਨੇਡਾ

ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ

ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ

easyvisa | 81980 95553


## ਹਵਾਈ ਉਡਾਨਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦਾ ਸਿਲਸਿਲਾ ਜਾਰੀ




**ਨਵੀਂ ਦਿੱਲੀ,( ਲੋਕ ਬਾਣੀ)** ਪਿਛਲੇ ਕੁਝ ਦਿਨਾਂ ਤੋਂ ਹਵਾਈ ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦਾ ਸਿਲਸਿਲਾ ਅੱਜ ਐਤਵਾਰ ਨੂੰ ਵੀ ਜਾਰੀ ਰਿਹਾ। ਸੂਤਰਾਂ ਮੁਤਾਬਕ ਅੱਜ ਕੁਲ ਮਿਲਾ ਕੇ ਭਾਰਤੀ ਏਅਰਲਾਈਨਾਂ ਦੀਆਂ 24 ਉਡਾਣਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਸੂਤਰਾਂ ਨੇ ਕਿਹਾ ਕਿ ਜਿਨ੍ਹਾਂ ਏਅਰਲਾਈਨਾਂ ਨੂੰ ਧਮਕੀਆਂ ਮਿਲੀਆਂ ਹਨ, ਉਨ੍ਹਾਂ ਵਿਚ ਇੰਡੀਗੋ, ਵਿਸਤਾਰਾ, ਅਕਾਸਾ ਏਅਰ ਤੇ ਏਅਰ ਇੰਡੀਆ ਵੀ ਸ਼ਾਮਲ ਹਨ। ਇੰਡੀਗੋ, ਵਿਸਤਾਰਾ ਤੇ ਏਅਰ ਇੰਡੀਆਂ ਦੀਆਂ 6-6 ਉਡਾਣਾਂ ਨੂੰ ਧਮਕੀ ਮਿਲੀ ਹੈ। ਇਸ ਹਫ਼ਤੇ ਵਿਚ ਹੁਣ ਤੱਕ 90 ਤੋਂ ਵੱਧ ਉਡਾਣਾਂ ਨੂੰ ਅਜਿਹੀਆਂ ਧਮਕੀਆਂ ਮਿਲ ਚੁੱਕੀਆਂ ਹਨ, ਜੋ ਜਾਂਚ ਦੌਰਾਨ ਝੂਠੀਆਂ ਨਿਕਲੀਆਂ।

## ਜਾਪਾਨ ਵਿਚ ਹੋਇਆ ਹੈਡਕੁਆਰਟਰ ਤੇ ਬੰਬ ਨਾਲ ਹਮਲਾ



**ਟੋਕੀਓ, (ਲੋਕ ਬਾਣੀ) :** ਜਪਾਨ ਦੀ ਹਾਕਮ ਧਿਰ ਲਿਬਰਲ ਡੈਮੋਕਰੈਟਿਕ ਪਾਰਟੀ ਦੇ ਹੈੱਡਕੁਆਰਟਰ 'ਚ ਅੱਜ ਇੱਕ ਵਿਅਕਤੀ ਨੇ ਕਈ ਬੰਬ ਸੁੱਟੇ ਅਤੇ ਪ੍ਰਧਾਨ ਮੰਤਰੀ ਦੀ ਰਿਹਾਇਸ਼ ਦੀ ਕੰਧ 'ਚ ਆਪਣੀ ਕਾਰ ਨਾਲ ਟੱਕਰ ਮਾਰ ਦਿੱਤੀ। ਟੋਕੀਓ ਪੁਲੀਸ ਅਨੁਸਾਰ ਇਸ ਘਟਨਾ 'ਚ ਕਿਸੇ ਦੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਹਮਲਾਵਰ ਦੀ ਪਛਾਣ ਅਤਸੁਨੋਬੂ ਉਸੁਦਾ ਵਜੋਂ ਕੀਤੀ ਗਈ ਹੈ ਅਤੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਹਮਲੇ ਦਾ ਮਕਸਦ ਸਪੱਸ਼ਟ ਨਹੀਂ ਹੋਇਆ ਪਰ ਜਪਾਨੀ ਮੀਡੀਆ ਦੀਆਂ ਖ਼ਬਰਾਂ ਅਨੁਸਾਰ ਸੋਸ਼ਲ ਮੀਡੀਆ 'ਤੇ ਉਸੁਦਾ ਦੀ ਇੱਕ ਕਥਿਤ ਪੋਸਟ ਹੈ ਜਿਸ 'ਚ ਉਹ ਜਪਾਨੀ ਕਾਨੂੰਨ ਤਹਿਤ ਚੋਣ ਲੜਨ ਲਈ ਲੋੜੀਂਦੀ ਧਨ ਰਾਸ਼ੀ ਬਾਰੇ ਸ਼ਿਕਾਇਤ ਕਰ ਰਿਹਾ ਹੈ। ਮੀਡੀਆ ਨੇ ਅਣਜਾਣ ਸਰੋਤਾਂ ਦੇ ਹਵਾਲੇ ਨੇ ਦੱਸਿਆ ਕਿ ਉਸੁਦਾ ਨੇ ਪ੍ਰਮਾਣੂ ਪਲਾਂਟਾਂ ਖ਼ਿਲਾਫ਼ ਰੋਸ ਮੁਜ਼ਾਹਰਿਆਂ 'ਚ ਵੀ ਹਿੱਸਾ ਲਿਆ ਸੀ।


B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |



91000-79-579 | 98141-92-632
Shop No 5,Adda Kapur Pind,Opp Indusind Bank,Jalandhar.


## ਗਾਜ਼ਾ ਚ ਇਜ਼ਰਾਈਲ ਹਮਲਿਆਂ ਵਿਚ 87 ਲੋਕਾਂ ਦੀ ਹੋਈ ਮੌਤ



**ਦੀਰ ਅਲ-ਬਲਾਹ, (ਲੋਕ ਬਾਣੀ):** ਗਾਜ਼ਾ ਦੇ ਸਿਹਤ ਮੰਤਰਾਲੇ ਨੇ ਕਿਹਾ ਕਿ ਇਜ਼ਰਾਈਲ ਵੱਲੋਂ ਉੱਤਰੀ ਗਾਜ਼ਾ ਵਿਚ ਕਈ ਘਰਾਂ 'ਤੇ ਕੀਤੇ ਹਮਲਿਆਂ ਵਿੱਚ 87 ਲੋਕ ਮਾਰੇ ਗਏ ਜਾਂ ਲਾਪਤਾ ਹਨ। ਮੰਤਰਾਲੇ ਨੇ ਕਿਹਾ ਕਿ ਬੀਤ ਲਾਹੀਆ ਸ਼ਹਿਰ 'ਤੇ ਸ਼ਨਿੱਚਰਵਾਰ ਤੇ ਐਤਵਾਰ ਅੱਧੀ ਰਾਤ ਨੂੰ ਕੀਤੇ ਹਮਲਿਆਂ 'ਚ 40 ਲੋਕ ਜ਼ਖ਼ਮੀ ਵੀ ਹੋਏ ਹਨ। ਗਾਜ਼ਾ ਦੇ ਉੱਤਰੀ ਕੰਢੇ ਉੱਤੇ ਪੈਂਦਾ ਬੀਤ ਲਾਹੀਆ, ਸਾਲ ਪਹਿਲਾਂ ਇਜ਼ਰਾਈਲ ਦੇ ਜ਼ਮੀਨੀ ਹਮਲੇ ਦੇ ਪਹਿਲੇ ਨਿਸ਼ਾਨਿਆਂ ਵਿੱਚੋਂ ਇੱਕ ਸੀ।

## ਮੁੰਬਈ ਸਿੱਦੀਕੀ ਕਤਲ ਮਾਮਲੇ ਵਿੱਚ ਇੱਕ ਹੋਰ ਵਿਅਕਤੀ ਕਾਬੂ



**ਮੁੰਬਈ, : (ਲੋਕ ਬਾਣੀ)** ਇਥੋਂ ਦੀ ਕਰਾਈਮ ਬਰਾਂਚ ਨੇ ਬਾਬਾ ਸਿੱਦੀਕੀ ਹੱਤਿਆ ਦੇ ਮਾਮਲੇ ਵਿਚ ਇਕ ਹੋਰ ਮੁਲਜ਼ਮ ਭਗਵੰਤ ਸਿੰਘ ਨੂੰ ਬੇਲਾਪੁਰ ਤੋਂ ਗ੍ਰਿਫਤਾਰ ਕੀਤਾ ਹੈ। ਇਸ ਮਾਮਲੇ ਵਿਚ ਹੁਣ ਤੱਕ ਕੁੱਲ 10 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਭਗਵੰਤ ਸਿੰਘ ਨੇ ਹੱਤਿਆ ਵਿਚ ਸ਼ਾਮਲ ਮੁਲਜ਼ਮਾਂ ਨੂੰ ਰਿਹਾਇਸ਼ ਅਤੇ ਹਥਿਆਰ ਮੁਹੱਈਆ ਕਰਵਾਏ ਸਨ। ਉਹ ਰਾਜਸਥਾਨ ਤੋਂ ਮੁੰਬਈ ਹਥਿਆਰ ਲੈ ਕੇ ਆਇਆ ਸੀ। ਨੈਸ਼ਨਲਿਸਟ ਕਾਂਗਰਸ ਪਾਰਟੀ ਆਗੂ ਅਤੇ ਮਹਾਰਾਸ਼ਟਰ ਦੇ ਸਾਬਕਾ ਮੰਤਰੀ ਬਾਬਾ ਸਿੱਦੀਕੀ ਦੀ ਹੱਤਿਆ 'ਚ ਸ਼ਾਮਲ ਹਮਲਾਵਰਾਂ ਨੇ ਇੱਥੇ ਕੁਰਲਾ ਇਲਾਕੇ 'ਚ ਕਿਰਾਏ ਦੇ ਮਕਾਨ ਵਿੱਚ ਯੂਟਿਊਬ 'ਤੇ ਵੀਡੀਓਜ਼ ਦੇਖ ਕੇ ਹਥਿਆਰ ਚਲਾਉਣੇ ਸਿੱਖੇ ਸਨ। ਮੁੰਬਈ ਕਰਾਈਮ ਬਰਾਂਚ ਵੱਲੋਂ ਮੁਲਜ਼ਮਾਂ ਤੋਂ ਕੀਤੀ ਗਈ ਪੁੱਛ-ਪੜਤਾਲ ਦੌਰਾਨ ਪਤਾ ਲੱਗਾ ਕਿ ਸ਼ੱਕੀ ਹਮਲਾਵਰ ਸ਼ਿਵਕੁਮਾਰ ਗੌਤਮ ਨੇ ਉੱਤਰ ਪ੍ਰਦੇਸ਼ ਵਿੱਚ ਵਿਆਹ ਸਮਾਗਮਾਂ ਵਿੱਚ 'ਖ਼ੁਸ਼ੀ 'ਚ ਕੀਤੇ ਜਾਂਦੇ ਹਵਾਈ ਫਾਇਰ' ਦੌਰਾਨ ਬੰਦੂਕ ਚਲਾਉਣੀ ਸਿੱਖੀ ਸੀ।

## ਅਮਰੀਕਾ ਵਿੱਚ ਡਿੱਗਾ ਪਹਾੜ ਦਾ ਹਿੱਸਾ ਕਈ ਲੋਕਾਂ ਦੀ ਹੋਈ ਮੌਤ

**ਅਮਰੀਕਾ, ਲੋਕ ਬਾਣੀ :** ਅਮਰੀਕਾ ਦੇ ਜਾਰਜੀਆ ਰਾਜ ਦੇ ਸਪੇਲੋ ਟਾਪੂ 'ਤੇ ਘੱਟੋ-ਘੱਟ ਸੱਤ ਲੋਕਾਂ ਦੀ ਮੌਤ ਹੋ ਗਈ ਜਦੋਂ ਇੱਕ ਕਿਸ਼ਤੀ ਪਿਅਰ (ਡੌਕ) ਦਾ ਇੱਕ ਹਿੱਸਾ ਡਿੱਗ ਗਿਆ। ਇਹ ਜਾਣਕਾਰੀ ਇਸ ਨੂੰ ਚਲਾਉਣ ਵਾਲੀ ਸਰਕਾਰੀ ਏਜੰਸੀ ਦੇ ਬੁਲਾਰੇ ਨੇ ਦਿੱਤੀ। ਜਾਰਜੀਆ ਦੇ ਕੁਦਰਤੀ ਸਰੋਤ ਵਿਭਾਗ ਦੇ ਬੁਲਾਰੇ ਟਾਈਲਰ ਜੋਨਸ ਨੇ ਕਿਹਾ ਕਿ ਕਈ ਲੋਕਾਂ ਨੂੰ ਹਸਪਤਾਲ ਲਿਜਾਇਆ ਗਿਆ ਹੈ।

## ਦੇਸ਼ ਦੀ ਰਾਜਧਾਨੀ ਵਿਚ ਹੋਇਆ ਧਮਾਕਾ



**ਨਵੀਂ ਦਿੱਲੀ, (ਲੋਕ ਬਾਣੀ) :** ਦਿੱਲੀ 'ਚ ਸਕੂਲ ਦੇ ਬਾਹਰ ਧਮਾਕਾ ਹੋਇਆ ਹੈ। ਐਨ. ਆਈ. ਏ., ਐਨ. ਐਸ. ਜੀ. ਟੀਮਾਂ ਜਾਂਚ 'ਚ ਸ਼ਾਮਿਲ ਹਨ। ਧਮਾਕੇ ਦੀ ਆਵਾਜ਼ ਘੱਟੋ-ਘੱਟ 2 ਕਿਲੋਮੀਟਰ ਦੂਰ ਤੱਕ ਸੁਣੀ ਗਈ। ਬੰਬ ਧਮਾਕੇ ਨੇ ਨਾਲ ਲੱਗਦੀਆਂ ਇਮਾਰਤਾਂ ਅਤੇ ਵਾਹਨਾਂ ਦੀਆਂ ਖਿੜਕੀਆਂ ਨੂੰ ਚਕਨਾਚੂਰ ਕਰ ਦਿੱਤਾ।

## ਪੰਜਾਬ ਹਰਿਆਣਾ ਹਾਈਕੋਰਟ ਨੇ ਸਰਕਾਰ ਨੂੰ ਦਿਤੇ ਸਖਤ ਹੁਕਮ




**ਜਲੰਧਰ, ਬਿੱਟੂ ਫੋਲੜੀਵਾਲ :** ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਸੂਬਾ ਸਰਕਾਰ ਤੇ ਰਾਜ ਚੋਣ ਕਮਿਸ਼ਨ ਨੂੰ ਆਦੇਸ਼ ਜਾਰੀ ਕੀਤੇ ਹਨ ਕਿ ਸੂਬੇ ਦੇ ਨਗਰ ਨਿਗਮ, ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੀਆਂ ਲੰਬੇ ਸਮੇਂ ਤੋਂ ਪੈਂਡਿੰਗ ਚੱਲਦੀਆਂ ਆ ਰਹੀਆਂ ਚੋਣਾਂ ਸਬੰਧੀ ਆਉਣ ਵਾਲੇ 15 ਦਿਨਾਂ 'ਚ 'ਚ ਨੋਟੀਫਿਕੇਸ਼ਨ ਜਾਰੀ ਕਰ ਕੇ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਇਨ੍ਹਾਂ ਸੰਸਥਾਵਾਂ ਦਾ 5 ਸਾਲਾਂ ਦਾ ਕਾਰਜਕਾਲ ਪੂਰਾ ਹੋਣ ਦੇ ਬਾਅਦ ਵੀ ਹਾਲੇ ਤੱਕ ਚੋਣਾਂ ਸਬੰਧੀ ਕੋਈ ਕਦਮ ਨਹੀਂ ਚੁੱਕਿਆ ਗਿਆ।

## ਮਸ਼ਹੂਰ ਅਦਾਕਾਰਾ ਮੰਗੇਸ਼ ਕੁਲਕਰਨੀ ਦੀ ਹੋਈ ਮੌਤ

**ਮੁੰਬਈ, ਲੋਕ ਬਾਣੀ :** ਮਨੋਰੰਜਨ ਜਗਤ ਤੋਂ ਇੱਕ ਹੋਰ ਮੰਦਭਾਗੀ ਖਬਰ ਸਾਹਮਣੇ ਆ ਰਹੀ ਹੈ, ਜਿਸ ਨੇ ਫਿਲਮੀ ਸਿਤਾਰਿਆਂ ਦੇ ਨਾਲ-ਨਾਲ ਪ੍ਰਸ਼ੰਸਕਾਂ ਦੀਆਂ ਅੱਖਾਂ ਵੀ ਨਮ ਕਰ ਦਿੱਤੀਆਂ ਹਨ। ਦਰਅਸਲ, ਸਿਨੇਮਾ ਜਗਤ ਦੀ ਮਸ਼ਹੂਰ ਹਸਤੀ ਮੰਗੇਸ਼ ਕੁਲਕਰਨੀ ਨੇ ਇਸ ਦੁਨੀਆ ਨੂੰ ਹਮੇਸ਼ਾ ਲਈ ਅਲਵਿਦਾ ਕਹਿ ਦਿੱਤਾ ਹੈ। ਦੱਸ ਦੇਈਏ ਕਿ ਫਿਲਮਾਂ ਵਿੱਚ ਕੰਮ ਕਰਨ ਤੋਂ ਇਲਾਵਾ, ਉਨ੍ਹਾਂ ਨੇ ਇੱਕ ਲੇਖਕ ਅਤੇ ਨਿਰਦੇਸ਼ਕ ਵਜੋਂ ਵੀ ਕੰਮ ਕੀਤਾ। ਉਹ ਗੀਤਕਾਰ ਵਜੋਂ ਵੀ ਮਸ਼ਹੂਰ ਸੀ। ਉਨ੍ਹਾਂ ਨੇ ਮਸ਼ਹੂਰ ਬਾਲੀਵੁੱਡ ਫਿਲਮ 'ਯੈੱਸ ਬੌਸ' ਲਿਖੀ, ਜਿਸ 'ਚ ਸ਼ਾਹਰੁਖ ਖ਼ਾਨ ਅਤੇ ਜੂਹੀ ਚਾਵਲਾ ਨੇ ਮੁੱਖ ਭੂਮਿਕਾਵਾਂ ਨਿਭਾਈਆਂ ਸਨ। ਉਹ ਫ਼ਿਲਮ 'ਆਵਾਰਾ ਪਾਗਲ ਦੀਵਾਨਾ' ਨਾਲ ਲੇਖਕ ਵਜੋਂ ਜੁੜੇ ਸੀ। ਉਨ੍ਹਾਂ ਨੇ 1999 'ਚ ਰਿਲੀਜ਼ ਹੋਈ ਫਿਲਮ 'ਦਿਲ ਕਿਆ ਕਰੇ' ਵੀ ਲਿਖੀ ਸੀ। ਉਹ ਸਾਲ 2017 'ਚ ਰਿਲੀਜ਼ ਹੋਈ ਫਿਲਮ 'ਫਾਸਟਰ ਫੇਨੇ' ਦੇ ਨਿਰਮਾਤਾ ਅਤੇ ਲੇਖਕ ਸਨ

## ਦੇਸ਼ ਵਿਚ ਠੰਡ ਨੇ ਪੈਰ ਪਸਾਰਨੇ ਕੀਤੇ ਸ਼ੁਰੂ

**ਚੰਡੀਗੜ੍ਹ, ਵਿਨੋਦ ਸ਼ਰਮਾ :** ਦੇਸ਼ ਭਰ 'ਚ ਹੌਲੀ-ਹੌਲੀ ਠੰਡ ਵਧਣ ਲੱਗੀ ਹੈ। ਦੱਖਣੀ ਪੱਛਮੀ ਮਾਨਸੂਨ ਨੇ ਅਲਵਿਦਾ ਕਹਿ ਦਿੱਤੀ ਹੈ ਅਤੇ ਉੱਤਰ ਪੂਰਬੀ ਮਾਨਸੂਨ ਸਰਗਰਮ ਹੋ ਗਿਆ ਹੈ। ਫਿਲਹਾਲ ਮੌਸਮ 'ਚ ਮਿਲਿਆ-ਜੁਲਿਆ ਪ੍ਰਭਾਵ ਦੇਖਣ ਨੂੰ ਮਿਲ ਰਿਹਾ ਹੈ। ਜਿੱਥੇ ਦੱਖਣੀ ਭਾਰਤ ਦੇ ਰਾਜਾਂ ਵਿੱਚ ਭਾਰੀ ਮੀਂਹ ਅਤੇ ਤੇਜ਼ ਹਵਾਵਾਂ ਚੱਲ ਰਹੀਆਂ ਹਨ। ਇਸ ਦੇ ਨਾਲ ਹੀ ਉੱਤਰੀ ਭਾਰਤ ਵਿੱਚ ਠੰਡ ਵਧਣ ਲੱਗੀ ਹੈ। ਸਵੇਰ-ਸ਼ਾਮ ਦੀ ਠੰਡੀ ਹਵਾ ਦਾ ਝੱਖੜ ਮਹਿਸੂਸ ਹੋਣ ਲੱਗਾ ਹੈ।


ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਮਹਾਰਾਜ ਅਜਮੀੜ ਦੇਵ ਦਾ ਜਨਮ ਦਿਹਾੜਾ ਮਨਾਇਆ




## ਮੈੜ ਰਾਜਪੂਤ ਸਵਰਨਕਾਰ ਸਮਾਜ ਦੇ ਸੰਸਥਾਪਕ ਮਹਾਰਾਜ ਸ੍ਰੀ ਅਜਮੀੜ ਦੇਵ ਦਾ ਜਨਮ ਦਿਹਾੜਾ

**ਲੁਧਿਆਣਾ (ਸੁਖਚੈਨ ਮਹਿਰਾ)** ਵਿਸ਼ਵਕਰਮਾ ਚੌਂਕ ਨੇੜੇ ਰਾਜਪੂਤ ਭਵਨ ਵਿਖੇ ਜ਼ਿਲ੍ਹਾ ਰਾਜਪੂਤ ਸਭਾ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੇ ਮੁੱਖ ਮਹਿਮਾਨ ਪ੍ਰਦੇਸ਼ ਰਾਜਪੂਤ ਸਭਾ ਦੇ ਪੰਜਾਬ ਪ੍ਰਧਾਨ ਕੁਲਵੰਤ ਸਿੰਘ ਚੌਹਾਨ ਤੇ ਜ਼ਿਲ੍ਹਾ ਰਾਜਪੂਤ ਸਭਾ ਲੁਧਿਆਣਾ ਦੇ ਪ੍ਰਧਾਨ ਪਰਮਦੀਪ ਸਿੰਘ ਜੌੜਾ ਨੇ ਸ਼ਮ੍ਹਾਂ ਰੌਸ਼ਨ ਕਰ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਮਹਾਰਾਜ ਅਜਮੀੜ ਦੇਵ ਦੇ ਪ੍ਰਕਾਸ਼ ਪੁਰਬ ਦੀ ਸਭ ਨੂੰ ਵਧਾਈ ਦਿੱਤੀ। ਰਾਜਪੂਤ ਸਭਾ ਦੇ ਪ੍ਰਧਾਨ ਕੁਲਵੰਤ ਸਿੰਘ ਚੌਹਾਨ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੈੜ ਕੁਲ ਸਵਰਨਕਾਰ ਸਮਾਜ ਦੀ ਸਿਰਜਣਾ ਮਾਹਾਰਾਜਾ ਅਜਮੀੜ ਦੇਵ ਨੇ ਕੀਤੀ । ਜੇਕਰ ਅਸੀਂ ਮਹਾਰਾਜਾ ਅਜਮੀੜ ਦੇਵ ਜੀ ਸਵਰਨ ਕਲਾਂ ਦੇ ਦਾਨੀ ਸੋਨਾ-ਚਾਂਦੀ ਦੇ ਜੇਵਰਾਂ ਦੀ ਕਲਾ ਨੂੰ ਆਰੰਭ ਕਰਨ ਵਾਲੇ ਸਵਰਨਕਾਰਾਂ ਦੇ ਮਹਾਨ ਗੁਰੂ ਮੈੜ ਰਾਜਪੂਤ ਮਹਾਰਾਜਾ ਅਜਮੀੜ ਦੇਵ ਦੀ ਗੱਲ ਕਰਦੇ ਹਾਂ ਤਾਂ ਇਹ ਗੱਲ ਸਾਹਮਣੇ ਆਉਂਦੀ ਹੈ ਕਿ ਉਹ ਇੱਕ ਮਹਾਨ ਸ਼ਾਸ਼ਕ ਤੇ ਇੱਕ ਬਹੁਤ ਹੀ ਮਹਾਨ ਸਮਾਜ ਸੇਵਕ ਹੋਏ ਹਨ। ਜਿਨ੍ਹਾਂ ਨੇ ਆਪਣੀ ਰਾਜ ਗੱਦੀ ਆਪਣੇ ਬੱਚਿਆਂ ਨੂੰ ਸੌਂਪ ਕੇ ਗੁਰ ਕੁਲ ਬਣਾ ਕੇ ਉਹਨਾਂ ਵਿੱਚ ਸੋਨੇ ਚਾਂਦੀ ਦੇ ਗਹਿਣੇ ਬਣਾਉਣ ਦੀ ਸਿੱਖਿਆ ਪ੍ਰਦਾਨ ਕੀਤੀ ਜਿੱਥੋਂ ਸਵਰਨਕਾਰ ਵੰਸ਼ ਅੱਗੇ ਵਧਿਆ ਤੇ ਅਸੀਂ ਅੱਜ ਸਾਰੇ ਸਵਰਨਕਾਰ ਉਹਨਾਂ ਦੇ ਵੰਸ਼ਜ ਕੋਹਾਂਦੇ ਹਾਂ ਮੈੜ ਸਵਰਨਕਾਰ ਮਹਾਰਾਜਾ ਅਜਮੀੜ ਦੇਵ ਦਾ ਰਿਣੀ ਸਮਾਜ ਹਮੇਸ਼ਾ ਰਹੇਗਾ

ਲੁਧਿਆਣਾ ਜ਼ਿਲ੍ਹਾ ਰਾਜਪੂਤ ਸਭਾ ਦੇ ਪ੍ਰਧਾਨ ਪਰਮਦੀਪ ਸਿੰਘ ਜੋੜਾ ਨੇ ਕਿਹਾ ਕਿ ਮਹਾਰਾਜਾ ਅਜਮੀੜ ਦੇਵ ਜੀ ਇੱਕ ਪ੍ਰਫੁੱਲਤ ਸਮਾਜ ਦੀ ਰਚਨਾ ਕੀਤੀ ਜਿਹੜੀ ਸਿੱਖਿਆ ਉਹਨਾਂ ਨੇ ਦਿੱਤੀ ਉਹਨਾਂ ਦੇ ਸਦਕੇ ਹੀ ਅੱਜ ਸਵਰਨਕਾਰ ਰਾਜਪੂਤ ਭਾਈਚਾਰਾ ਸਮਾਜ ਦੇ ਵਿੱਚ ਉੱਚਾ ਮੁਕਾਮ ਬਣਾ ਰਿਹਾ ਹੈ ਅਤੇ ਫਲ ਫੂਲ ਰਿਹਾ ਹੈ

ਪੰਚਾਇਤਾਂ ਚੇਅਰਮੈਨ ਦਲੀਪ ਭੰਮ ,ਵਾਈਸ ਚੇਅਰਮੈਨ ਸਰਪੰਚ ਬਲਦੇਵ ਸਿੰਘ ਸਦਿਓੜਾ , ਐਡਵੋਕੇਟ ਨਿਸ਼ਾ ਭਾਰਤੀ, ਬੇਅੰਤ ਸਿੰਘ ਜੋੜਾ, ਕਪਤਾਨ ਸਿੰਘ ਅਸ਼ਟ, ਭੂਸ਼ਨ ਵਰਮਾ, ਸੁਮਨ ਵਰਮਾ, ਸਵਰਨ ਸਿੰਘ ਮਸੋਨ, ਸਤਨਾਮ ਸਿੰਘ ਸ਼ੀਰਾ, ਕੁਲਵੰਤ ਸਿੰਘ ਧੁੰਨਾ, ਲਵਲੀ ਡਾਵਰ, ਬਲਵਿੰਦਰ ਸਿੰਘ, ਸੰਤ ਕੁਮਾਰ ਗੋਗਨਾ ਦਰਸ਼ਨ ਲਾਲ ਗੋਗਨਾ, ਹਰੀਸ਼ ਕਪੂਰ, ਜਗਤਾਰ ਸਿੰਘ ਕੰਡਾ, ਗਿਆਨ ਸਿੰਘ ਖੁਰਮੀ, ਰਜਿੰਦਰਾ ਵਰਮਾ, ਸੁਭਾਸ਼ ਵਰਮਾ, ਆਦਿ ਹਾਜ਼ਰ ਸਨ

# ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੂੰ ਰਾਮਗੜ੍ਹੀਆ ਭਾਈਚਾਰੇ ਵੱਲੋਂ ਸਨਮਾਨਿਤ ਕੀਤਾ ਗਿਆ

## ਰਾਮਗੜ੍ਹੀਆ ਭਾਈਚਾਰਾ ਮੇਰਾ ਆਪਣਾ ਪਰਿਵਾਰ ਹੈ : ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ



**ਲੁਧਿਆਣਾ, (ਸੁਖਚੈਨ ਮਹਿਰਾ)** ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ, ਪ੍ਰਾਹੁਣਚਾਰੀ, ਉਦਯੋਗ ਤੇ ਕਾਮਰਸ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦਾ ਰਾਮਗੜ੍ਹੀਆ ਭਵਨ ਖੰਨਾ ਵਿਖੇ ਰਾਮਗੜ੍ਹੀਆ ਭਾਈਚਾਰੇ ਵੱਲੋਂ ਸਨਮਾਨ ਸਮਾਰੋਹ ਰੱਖਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੁਖਮਨੀ ਸਾਹਿਬ ਦਾ ਪਾਠ ਕਰਕੇ ਭੋਗ ਪਾਏ ਗਏ।

ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰਾ ਮੇਰਾ ਆਪਣਾ ਪਰਿਵਾਰ ਹੈ। ਸੋ ਆਪਣਾ ਪਰਿਵਾਰ ਹੋਣ ਦੇ ਨਾਤੇ ਮੈਨੂੰ ਇੱਥੇ ਪਹੁੰਚਣ ਦਾ ਸੁਭਾਗ ਭਰਿਆ ਸਮਾਂ ਮਿਲਿਆ ਹੈ। ਉਹਨਾਂ ਕਿਹਾ ਕਿ ਇਸ ਕਰਕੇ ਮੈਂ ਸਮੂਹ ਸੰਗਤਾਂ ਦਾ ਜਿੱਥੇ ਧੰਨਵਾਦ ਕਰਦਾ ਹਾਂ ਉੱਥੇ ਮੈਂ ਰਾਮਗੜ੍ਹੀਆ ਭਾਈਚਾਰੇ ਦੀਆਂ ਸਮੂਹ ਐਸੋਸੀਏਸ਼ਨਾ ਦਾ ਵੀ ਧੰਨਵਾਦ ਕਰਦਾ ਹਾਂ। ਉਨ੍ਹਾਂ ਨੇ ਸਮੂਹ ਸੰਗਤਾਂ ਨੂੰ ਗੁਰੂ ਰਾਮਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ ਵੀ ਦਿੱਤੀਆਂ।

ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਆਉਣ ਵਾਲਾ ਸਮਾਂ ਜਿਵੇਂ ਕਿ ਤੁਸੀਂ ਦੇਖ ਰਹੇ ਹੋ ਦਿਵਾਲੀ ਦਾ ਤਿਉਹਾਰ ਆ ਰਿਹਾ ਹੈ। ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਆ ਰਿਹਾ ਹੈ ਅਤੇ ਉਸ ਦੇ ਨਾਲ ਹੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਆ ਰਿਹਾ ਹੈ। ਇਸ ਕਰਕੇ ਜਿਹੜਾ ਸਮਾਂ ਚੱਲ ਰਿਹਾ ਹੈ ਤਿਉਹਾਰਾਂ ਦਾ ਹੀ ਸੀਜ਼ਨ ਹੈ। ਇਹਨਾਂ ਦਿਨਾਂ ਵਿਚ ਵੱਖ-ਵੱਖ ਥਾਵਾਂ ਤੇ ਜਾਣ ਦਾ ਮੌਕਾ ਮਿਲਦਾ ਤਾਂ ਉਹਨਾਂ ਵੱਲੋਂ ਕੋਸ਼ਿਸ਼ ਹੁੰਦੀ ਹੈ ਕਿ ਵੱਧ ਤੋਂ ਵੱਧ ਥਾਵਾਂ ਤੇ ਜਾਇਆ ਜਾਵੇ ਅਤੇ ਆਪਣਿਆਂ ਵਿਚ ਵਿਚਰਿਆ ਜਾਵੇ। ਆਪਣਿਆਂ ਨੂੰ ਮਿਲਿਆ ਜਾਵੇ ਅਤੇ ਆਪਣਿਆਂ ਤੋਂ ਪਿਆਰ ਲਿਆ ਜਾਵੇ। ਉਹਨਾਂ ਕਿਹਾ ਕਿ ਸੋ ਅੱਜ ਦੇ ਦੌਰੇ ਦਾ ਇਹੀ ਮਨੋਰਥ ਹੈ।

ਉਦਯੋਗ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਚਲਦੇ ਹਨ। ਇਹਨਾਂ ਸਕਿਲ ਡਿਵੈਲਪਮੈਂਟ ਪ੍ਰੋਗਰਾਮਾਂ ਵਿੱਚ ਅਸੀ ਕੋਸ਼ਿਸ਼ ਕਰ ਰਹੇ ਹਾਂ ਕਿ ਆਉਣ ਵਾਲੇ ਸਮੇਂ ਦੇ ਵਿਚ ਜਿਹੜੇ ਬੱਚੇ ਕਈ 10ਵੀ ਤੇ 12ਵੀ ਪੜ੍ਹੇ ਹਨ ਅਤੇ ਉਨ੍ਹਾਂ ਬੱਚਿਆਂ ਵਿੱਚ ਹੁਨਰ ਬਹੁਤ ਹੈ। ਇਹਨਾਂ ਬੱਚਿਆਂ ਵਿੱਚ ਕੋਈ ਲੱਕੜ ਦਾ ਕਾਰੀਗਰ ਹੈ, ਕੋਈ ਲੋਹੇ ਦਾ ਕਾਰੀਗਰ ਹੈ, ਕੋਈ ਪੱਥਰ ਦਾ ਕਾਰੀਗਰ ਹੈ ਅਤੇ ਕੋਈ ਕਰੇਨ ਚਲਾਉਣ ਦਾ ਮਾਸਟਰ ਹੈ। ਉਹਨਾਂ ਕਿਹਾ ਕਿ ਇਹ ਜਿਹੜੇ ਬੱਚੇ ਨੇ ਇਹਨਾਂ ਨੂੰ ਮਾਰ ਇਹ ਪੈ ਜਾਂਦੀ ਹੈ ਕਿ ਇਹ ਹੱਥਾਂ ਦੇ ਤਾਂ ਬਹੁਤ ਧਨੀ ਹੁੰਦੇ ਨੇ ਕਾਰੀਗਰ ਹੁੰਦੇ ਨੇ ਪ੍ਰੰਤੂ ਜਦੋਂ ਇਹਨਾਂ ਨੂੰ ਕੋਈ ਪੁੱਛਦਾ ਹੈ ਕਿ ਤੁਸੀਂ ਪੜ੍ਹੇ ਕਿੰਨੇ ਹੋ ਯੋਗਤਾ ਕਿੰਨੀਂ ਹੈ ਫਿਰ ਕੋਈ 8 ਜਾਂ 10 ਪੜਿਆ ਹੁੰਦਾ ਹੈ। ਸੋ ਅਸੀਂ ਇੱਕ ਸਕਿਲ ਡਿਵੈਲਪਮੈਂਟ ਪ੍ਰੋਗਰਾਮ ਦੇ ਰਾਹੀਂ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੇ ਨਾਲ ਪੂਰਾ ਸਲਾਹ ਮਸ਼ਵਰਾ ਕਰਕੇ ਅਸੀਂ ਇਹਨਾਂ ਬੱਚਿਆਂ ਨੂੰ ਸਕਿਲ ਡਿਵੈਲਪਮੈਂਟ ਦੇ ਕੋਰਸ ਕਰਵਾ ਕੇ ਸਰਟੀਫਿਕੇਟ ਦੇਵਾਂਗੇ ਤਾਂ ਜ਼ੋ ਇਹ ਬੱਚੇ ਦੇਸ਼ ਜਾਂ ਵਿਦੇਸ਼ ਵਿਚ ਕਿਸੇ ਵੀ ਜਗ੍ਹਾ ਤੇ ਨੌਕਰੀ ਲੈਣ ਲਈ ਸਿਰ ਉੱਚਾ ਕਰਕੇ ਜਾਣ।

# ਅੱਜ ਪੁਲਿਸ ਮੈਮੋਰੀਅਲ ਦਿਵਸ ਹੈ, ਯਾਨੀ ਚੀਨ ਦੇ ਵਿਸ਼ਵਾਸਘਾਤ ਨੂੰ ਯਾਦ ਕਰਨ ਦਾ ਦਿਨ।

ਸਰਹੱਦ 'ਤੇ ਤਾਇਨਾਤ ਸੈਨਿਕ ਅਤੇ ਅੰਦਰ ਪੁਲਿਸ ਦੁਨੀਆ ਦੇ ਹਰ ਦੇਸ਼ ਦੀ ਏਕਤਾ, ਅਖੰਡਤਾ, ਸ਼ਾਂਤੀ ਅਤੇ ਪ੍ਰਭੂਸੱਤਾ ਦੀ ਰਾਖੀ ਦੇ ਜਿਉਂਦੇ ਜਾਗਦੇ ਪ੍ਰਤੀਕ ਹਨ। ਅਤੇ ਭਾਰਤ ਵਰਗੇ ਦੇਸ਼ ਵਿੱਚ, ਪੁਲਿਸ ਦੀ ਭੂਮਿਕਾ ਕਾਨੂੰਨ ਅਤੇ ਵਿਵਸਥਾ ਨੂੰ ਬਣਾਈ ਰੱਖਣ ਦੇ ਮਾਮਲੇ ਵਿੱਚ ਹਰ ਦ੍ਰਿਸ਼ਟੀਕੋਣ ਤੋਂ ਲੋਕ ਹਿੱਤ ਵਿੱਚ ਬਹੁਤ ਮਹੱਤਵਪੂਰਨ ਹੈ। ਉਸਨੇ ਕਦੇ ਵੀ ਆਪਣੇ ਫਰਜ਼ ਦੇ ਰਸਤੇ ਤੋਂ ਪਿੱਛੇ ਹਟਣਾ ਨਹੀਂ ਸਿੱਖਿਆ। ....ਅਤੇ ਜਦੋਂ ਵੀ ਉਸਨੂੰ ਇਸ ਲਈ ਆਪਣੀ ਜਾਨ ਦਾਅ 'ਤੇ ਲਾਉਣੀ ਪਈ। ਉਸ ਨੇ ਜ਼ਰੂਰ ਲਾਇਆ ਹੈ। ਚਾਹੇ ਉਹ ਦੁਸ਼ਮਣ ਦੇਸ਼ ਚੀਨ ਦੀ ਗੱਦਾਰੀ ਵਿਰੁੱਧ ਹੋਵੇ ਜਾਂ ਕਿਸੇ ਹੋਰ ਸੰਦਰਭ ਵਿੱਚ।

ਸਮੁੱਚੇ ਤੌਰ 'ਤੇ, ਭਾਰਤੀ ਪੁਲਿਸ ਨੂੰ ਡਿਊਟੀ ਦੀ ਲਾਈਨ ਵਿਚ ਆਪਣੀ ਕੁਰਬਾਨੀ ਲਈ ਵੀ ਜਾਣਿਆ ਜਾਂਦਾ ਹੈ। ਇਸ ਦਿਨ ਨੂੰ ਅੱਜ ਪੁਲਿਸ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ। ਇਸ ਦਿਨ ਦੀ ਸ਼ੁਰੂਆਤ ਦਾ ਕਾਰਨ ਵੀ ਚੀਨ ਹੈ, ਜਿਸ ਦਾ ਇਤਿਹਾਸ ਦੇਸ਼ ਧ੍ਰੋਹ ਨਾਲ ਭਰਿਆ ਹੋਇਆ ਹੈ।

ਅੱਜ 21 ਅਕਤੂਬਰ ਦਾ ਦਿਨ ਉਨ੍ਹਾਂ ਦਸ ਪੁਲਿਸ ਵਾਲਿਆਂ ਨੂੰ ਸਮਰਪਿਤ ਹੈ ਜੋ 1959 ਵਿੱਚ ਭਾਰਤ-ਚੀਨ ਸਰਹੱਦ 'ਤੇ ਦੇਸ਼ ਦੀ ਰੱਖਿਆ ਕਰਦੇ ਹੋਏ ਸ਼ਹੀਦ ਹੋਏ ਸਨ। ਇਸੇ ਲਈ ਇਸ ਦਿਨ ਭਾਰਤ ਵਿੱਚ ਪੁਲਿਸ ਵਿੱਚ ਸੇਵਾ ਕਰਦੇ ਹੋਏ ਸ਼ਹੀਦ ਹੋਏ ਮੁਲਾਜ਼ਮਾਂ ਨੂੰ ਯਾਦ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਹੈ।

ਹੁਣ ਜੇਕਰ ਅਸੀਂ ਧੋਖੇ ਨਾਲ ਭਰੇ ਚੀਨ ਦੇ ਇਤਿਹਾਸ ਦੀ ਗੱਲ ਕਰੀਏ ਤਾਂ ਇਸ ਦਾ ਧੋਖੇ ਰਾਹੀਂ ਪਿੱਠ ਵਿੱਚ ਛੁਰਾ ਮਾਰਨ ਦਾ ਲੰਮਾ ਇਤਿਹਾਸ ਹੈ। ਉਹ ਇਸ ਕਾਲੇ ਇਤਿਹਾਸ ਵਿਚ ਪਹਿਲਾਂ ਹੀ ਕਈ ਅਧਿਆਏ ਜੋੜ ਚੁੱਕਾ ਹੈ। ਚੀਨੀਆਂ ਨੇ ਪਹਿਲੀ ਵਾਰ ਭਾਰਤ ਦੀ ਪਿੱਠ ਵਿੱਚ ਛੁਰਾ ਮਾਰਿਆ ਸੀ ਜਦੋਂ ਅਸੀਂ ਭਾਰਤੀ ਹਿੰਦੀ-ਚੀਨੀ ਭਾਈ-ਭਾਈ ਦੇ ਨਾਅਰੇ ਵਿੱਚ ਰੁੱਝੇ ਹੋਏ ਸੀ। ਇਤਿਹਾਸ ਨੂੰ ਭੁੱਲਣ ਵਾਲੇ



ਇਤਿਹਾਸ ਬਣ ਜਾਂਦੇ ਹਨ। ਇਹ ਕਹਾਵਤ ਹਰ ਸਮੇਂ ਸਾਡੇ ਸਾਹਮਣੇ ਆਉਂਦੀ ਹੈ।

ਇਸੇ ਲਈ ਅੱਜ ਭਾਰਤ ਵਿੱਚ ਮਨਾਇਆ ਜਾਣ ਵਾਲਾ ਪੁਲਿਸ ਦਿਵਸ ਵੀ ਚੀਨ ਦੇ ਦੇਸ਼ ਧ੍ਰੋਹੀ ਇਤਿਹਾਸ ਨੂੰ ਯਾਦ ਕਰਨ ਲਈ ਨਿੰਦਣਯੋਗ ਦਿਨ ਹੈ। ਉਹ ਦਿਨ ਸੀ 21 ਅਕਤੂਬਰ 1959। ਜਦੋਂ ਮਾਰੂ ਹਥਿਆਰਾਂ ਨਾਲ ਲੈਸ ਚੀਨੀ ਫੌਜ ਦੀ ਟੁਕੜੀ ਨੇ ਭਾਰਤੀ ਗਸ਼ਤੀ ਟੀਮ 'ਤੇ ਹਮਲਾ ਕਰ ਦਿੱਤਾ। ਉਸ ਦਿਨ ਲੱਦਾਖ ਦੇ ਹਾਟ ਸਪ੍ਰਿੰਗਜ਼ ਵਿੱਚ ਇੱਕ ਵਹਿਸ਼ੀ ਹਮਲੇ ਵਿੱਚ ਕੇਂਦਰੀ ਰਿਜ਼ਰਵ ਪੁਲਿਸ ਬਲ (ਸੀਆਰਪੀਐਫ) ਦੇ 10 ਜਵਾਨ ਮਾਰੇ ਗਏ ਸਨ।

ਮੈਂ ਸ਼ਹੀਦ ਹੋ ਗਿਆ। ਇਸ ਤੋਂ ਬਾਅਦ ਚੀਨ ਨੇ 5 ਮਈ 2020 ਨੂੰ ਉਹੀ ਇਤਿਹਾਸ ਦੁਹਰਾਇਆ। ਚੀਨੀ ਸੈਨਿਕਾਂ ਨੇ ਪੈਂਗੋਂਗ ਝੀਲ ਦੇ ਕੋਲ ਤਾਇਨਾਤ ਭਾਰਤੀ ਸੈਨਿਕਾਂ 'ਤੇ ਪਿੱਛਿਓਂ ਹਮਲਾ ਕੀਤਾ। ਨਾਈ ਦੀ ਨਵੀਂ ਮਿਸਾਲ ਕਾਇਮ ਕਰਨ ਵਾਲੇ ਚੀਨੀਆਂ ਨੇ ਉਸ ਦਿਨ ਆਪਣੇ ਹੱਥਾਂ ਵਿੱਚ ਕੰਡਿਆਲੀ ਤਾਰ ਨਾਲ ਲਪੇਟੀਆਂ ਸੋਟੀਆਂ ਫੜੀਆਂ ਹੋਈਆਂ ਸਨ। ਡੂੰਘਾਈ ਨਾਲ ਲੜਦੇ ਹੋਏ 20 ਭਾਰਤੀ ਯੋਧਿਆਂ ਨੇ ਆਪਣੀ ਜਾਨ ਕੁਰਬਾਨ ਕਰ ਦਿੱਤੀ ਅਤੇ ਅਚਾਨਕ ਹੋਏ ਹਮਲੇ ਦੇ ਬਾਵਜੂਦ ਇਨ੍ਹਾਂ ਭਾਰਤੀ ਯੋਧਿਆਂ ਨੇ 40 ਤੋਂ ਵੱਧ ਚੀਨੀ ਲੋਕਾਂ ਨੂੰ ਮਾਰ ਦਿੱਤਾ।

ਅੱਜ, ਭਾਰਤ ਦੇ ਪੁਲਿਸ ਯਾਦਗਾਰੀ ਦਿਵਸ ਦੇ ਸੰਦਰਭ ਵਿੱਚ, 21 ਅਕਤੂਬਰ 1959 ਨੂੰ ਹੌਟ ਸਪਰਿੰਗ ਹਮਲੇ ਬਾਰੇ ਗੱਲ ਕਰਨੀ ਜ਼ਰੂਰੀ ਹੈ। ਕਿਉਂਕਿ ਇਹ ਦਿਨ ਭਾਰਤੀ ਪੁਲਿਸ ਯਾਦਗਾਰੀ ਦਿਵਸ ਮਨਾਉਣ ਦਾ ਕਾਰਨ ਵੀ ਹੈ। ਇਸ ਦੇ ਇਤਿਹਾਸ ਤੋਂ ਮਿਲੀ ਜਾਣਕਾਰੀ ਅਨੁਸਾਰ ਲੇਹ (ਲਦਾਖ) ਅਤੇ ਇਸ ਦੀਆਂ ਅਗਾਂਹਵਧੂ ਪੋਸਟਾਂ 1953 ਤੋਂ ਸੀ.ਆਰ.ਪੀ.ਐਫ. ਨੂੰ ਸੌਂਪੀਆਂ ਗਈਆਂ ਸਨ। ਸਾਡੇ ਸਿਪਾਹੀ ਅਕਸਾਈ ਚਿਨ ਦੇ ਰੁੱਖੇ ਇਲਾਕਾ, ਦੁਰਘਟਨਾ ਖੇਤਰ, ਬੰਜਰ ਪਹਾੜਾਂ ਦੀ ਇਕਾਂਤ ਅਤੇ ਬਰਫੀਲੀ ਹਵਾ ਵਿਚ ਦਿਨ-ਰਾਤ ਪਹਿਰਾ ਦਿੰਦੇ ਹਨ। ਇੱਕ ਦਿਨ ਸਾਡੇ ਸੈਨਿਕਾਂ ਨੂੰ ਚੀਨੀ ਸੈਨਿਕਾਂ ਦੀਆਂ ਵਧਦੀਆਂ ਗਤੀਵਿਧੀਆਂ ਬਾਰੇ ਪਤਾ ਲੱਗ ਗਿਆ। ਉਨ੍ਹਾਂ ਦੇ ਸ਼ੱਕ ਦੀ ਜਾਂਚ ਕਰਨ ਲਈ, ਸੀਆਰਪੀਐਫ ਨੇ ਸਵੇਰੇ ਗਸ਼ਤ 'ਤੇ ਇੱਕ ਛੋਟਾ ਦਸਤਾ ਭੇਜਿਆ। ਗਸ਼ਤੀ ਦਲ ਤਿੱਬਤ ਦੀ ਸਰਹੱਦ ਵੱਲ ਵਧਿਆ। ਉਸ ਨੂੰ ਘੱਟ ਹੀ ਪਤਾ ਸੀ ਕਿ ਕੋਈ ਉਸ ਦੀ ਉਡੀਕ ਕਰ ਰਿਹਾ ਸੀ। ਸੀ.ਆਰ.ਪੀ.ਐਫ. ਦੇ ਜਵਾਨ ਅਜੇ ਅੱਗੇ ਵਧ ਰਹੇ ਸਨ ਕਿ ਅਚਾਨਕ ਗੋਲੀਆਂ ਦੀ ਆਵਾਜ਼ ਸੁਣ ਕੇ ਘਬਰਾ ਗਏ। ਚੀਨੀ ਸੈਨਿਕ ਆਟੋਮੈਟਿਕ ਹਥਿਆਰਾਂ ਨਾਲ ਗੋਲੀਆਂ ਚਲਾ ਰਹੇ ਸਨ। ਇਹ ਭਾਰਤ-ਤਿੱਬਤ ਸਰਹੱਦ 'ਤੇ ਅਕਸਾਈ ਚਿਨ ਵਿਚ ਗਰਮ ਚਸ਼ਮੇ ਦਾ ਖੇਤਰ ਸੀ। ਸਾਡੇ ਜਵਾਨਾਂ ਨੇ ਘਾਤਕ ਹਮਲੇ ਤੋਂ ਬਚਦੇ ਹੋਏ ਦੁਸ਼ਮਣਾਂ ਦਾ ਡਟ ਕੇ ਮੁਕਾਬਲਾ ਕੀਤਾ। ਇਸ ਹਮਲੇ ਵਿੱਚ ਸੀਆਰਪੀਐਫ ਦੇ 10 ਜਵਾਨ ਸ਼ਹੀਦ ਹੋ ਗਏ, ਪਰ ਚੀਨੀਆਂ ਨੂੰ ਪਿੱਛੇ ਹਟਣਾ ਪਿਆ। ਕੁੱਲ ਮਿਲਾ ਕੇ ਇਹ ਦਿਨ 'ਹਿੰਦੀ-ਚੀਨੀ ਭਾਈ-ਭਾਈ' ਦੀ ਧੁਨ ਵਿੱਚ ਰੁੱਝੇ ਭਾਰਤ ਦੀ ਪਿੱਠ ਵਿੱਚ ਚੀਨ ਵੱਲੋਂ ਪਹਿਲਾ ਛੁਰਾ ਸੀ। ਦੁਨੀਆ ਦੇ ਇਤਿਹਾਸ ਵਿਚ ਦੋਸਤੀ ਦੇ ਬਹਾਨੇ ਪਿੱਠ ਵਿਚ ਛੁਰਾ ਮਾਰਨ ਦੀਆਂ ਘਟਨਾਵਾਂ ਦੀ ਇਹ ਵੱਡੀ ਮਿਸਾਲ ਹੈ। ਭਾਰਤ ਨੇ ਇਸ ਇਤਿਹਾਸ ਨੂੰ ਯਾਦ ਕਰਨ ਦਾ ਫੈਸਲਾ ਕੀਤਾ। ਇਸ ਲਈ ਹਰ ਸਾਲ 21 ਅਕਤੂਬਰ ਨੂੰ 'ਪੁਲਿਸ ਯਾਦਗਾਰੀ ਦਿਵਸ' ਮਨਾਇਆ ਜਾਣ ਲੱਗਾ ਹੈ। ਅੱਜ ਵੀ ਜਦੋਂ ਉਨ੍ਹਾਂ ਕੁਰਬਾਨੀਆਂ ਨੂੰ ਯਾਦ ਕੀਤਾ ਜਾ ਰਿਹਾ ਹੈ ਤਾਂ ਹਰ ਭਾਰਤੀ ਦੀ ਛਾਤੀ ਭਾਰੀ ਮਹਿਸੂਸ ਹੋ ਰਹੀ ਹੈ। ਪਰਿਵਾਰਕ ਮੈਂਬਰ ਸ਼ਹੀਦਾਂ ਦੀਆਂ ਤਸਵੀਰਾਂ 'ਤੇ ਫੁੱਲ ਮਾਲਾਵਾਂ ਚੜ੍ਹਾ ਰਹੇ ਹਨ। ਆਪਣੇ ਆਪਣਿਆਂ ਨੂੰ ਗੁਆਉਣ ਦਾ ਦੁੱਖ ਕੀ ਹੁੰਦਾ ਹੈ, ਕੋਈ ਉਨ੍ਹਾਂ ਤੋਂ ਹੀ ਪੁੱਛਦਾ ਹੈ। ਹਰ ਭਾਰਤੀ ਅਜਿਹੀਆਂ ਕੁਰਬਾਨੀਆਂ ਅਤੇ ਚੀਨੀ ਇਤਿਹਾਸ ਨੂੰ ਕਦੇ ਨਹੀਂ ਭੁੱਲ ਸਕਦਾ।

ਪੇਸ਼ਕਾਰੀ –
*ਸੁਨੀਲ ਬਾਜਪਾਈ*
(ਕਵੀ, ਗੀਤਕਾਰ, ਲੇਖਕ ਅਤੇ ਸੀਨੀਅਰ ਪੱਤਰਕਾਰ), ਕਾਨਪੁਰ ਉੱਤਰ ਪ੍ਰਦੇਸ਼।
7985473020, 9839040294

# ਡਿਪਟੀ ਕਮਿਸ਼ਨਰ, ਕਾਹਨੂੰਵਾਨ ਦਾਣਾ ਮੰਡੀ ਪਹੁੰਚੇ-ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣ ਦੀ ਕੀਤੀ ਅਪੀਲ

## ਡਿਪਟੀ ਕਮਿਸ਼ਨਰ, ਕਾਹਨੂੰਵਾਨ ਦਾਣਾ ਮੰਡੀ ਪਹੁੰਚੇ-ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਮੰਡੀਆਂ ਵਿੱਚ ਸੁੱਕਾ ਝੋਨਾ ਲੈ ਕੇ ਆਉਣ ਦੀ ਕੀਤੀ ਅਪੀਲ



**ਗੁਰਦਾਸਪੁਰ, ( ਨਵਨੀਤ ਕੁਮਾਰ )** ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਮੰਡੀਆਂ ਵਿੱਚ ਖਰੀਦ ਕੀਤੇ ਝੋਨੇ ਦੀ ਨਾਲ ਦੀ ਨਾਲ ਚੁਕਾਈ ਕੀਤੀ ਜਾ ਰਹੀ ਹੈ। ਮੰਡੀਆਂ ਵਿੱਚ ਕਰੀਬ 42 ਫੀਸਦ ਝੋਨਾ ਚੁੱਕਿਆ ਗਿਆ ਹੈ ਅਤੇ ਝੋਨੇ ਦੀ ਚੁਕਾਈ ਵਿੱਚ ਹੋਰ ਤੇਜ਼ੀ ਆਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਨ੍ਹਾਂ ਵਲੋਂ ਖੁਦ ਮੰਡੀਆਂ ਵਿੱਚ ਜਾ ਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਅਤੇ ਜਿਸ ਦੇ ਚੱਲਦਿਆਂ ਅੱਜ ਉਨ੍ਹਾਂ ਵਲੋਂ ਕਾਹਨੂੰਵਾਨ ਅਤੇ ਕਾਦੀਆਂ ਦਾਣਾ ਮੰਡੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਐਸ ਡੀ ਐਮ ਗੁਰਦਾਸਪੁਰ, ਕਰਮਜੀਤ ਸਿੰਘ, ਡੀਐਫਐਸਸੀ, ਸੁਖਜਿੰਦਰ ਸਿੰਘ ਵੀ ਮੌਜੂਦ ਸਨ। ਇਸ ਮੌਕੇ ਕਿਸਾਨਾਂ ਨਾਲ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਫਸਲ ਦਾ ਪੂਰਾ ਭਾਅ ਅਤੇ ਸਮੇਂ ਸਿਰ ਅਦਾਇਗੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਕੀਤੇ ਗਏ ਝੋਨੇ ਦੀ ਕਿਸਾਨਾਂ ਨੂੰ 126 ਕਰੋੜ 30 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕੀ ਫ਼ਸਲ ਲਿਆਉਣ ਦੀ ਅਪੀਲ ਕਰਦਿਆਂ ਕਿਹਾ ਕਿ ਮੰਡੀ ਵਿੱਚ ਆਈ ਜਿਣਸ ਦੀ ਨਾਲੋਂ ਨਾਲ ਖ਼ਰੀਦ ਲਈ ਇਹ ਜ਼ਰੂਰੀ ਹੈ ਕਿ ਝੋਨਾ ਵਿੱਚ ਨਮੀ ਦੀ ਮਾਤਰਾ ਸਹੀ ਹੋਵੇ, ਇਸ ਲਈ ਕਿਸਾਨ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਮੰਡੀਆਂ ਵਿੱਚ ਬੈਠਣਾ ਨਾ ਪਵੇ। ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਉਨ੍ਹਾਂ ਦੱਸਿਆ ਕਿ ਹਰ ਪਿੰਡ ਵਿੱਚ ਇੱਕ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ, ਜੋ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਪਾਬੰਦ ਹੈ। ਉਨ੍ਹਾਂ ਦੱਸਿਆ ਕਿ ਮਾਣਯੋਗ ਸੁਪਰੀਮ ਕੋਰਟ ਅਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਵਲੋਂ ਪਰਾਲੀ ਸਾੜਨ 'ਤੇ ਪਾਬੰਦੀ ਲਗਾਈ ਗਈ ਹੈ। ਕਿਸਾਨਾਂ ਨੂੰ ਅਪੀਲ ਹੈ ਕਿ ਉਹ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਅਤੇ ਮਾਨਵਤਾ ਦੀ ਭਲਾਈ ਲਈ ਪਰਾਲੀ ਨੂੰ ਅੱਗ ਨਾ ਲਾਈ ਜਾਵੇ। ਦੱਸਣਯੋਗ ਹੈ ਕਿ ਬੀਤੇ ਦਿਨ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 77611 ਮੀਟਰਕ ਟਨ ਝੋਨੇ ਦੀ ਆਮਦ ਹੋਈ ਸੀ, ਜਿਸ ਵਿਚੋਂ 70299 ਮੀਟਰਿਕ ਟਨ ਝੋਨੇ ਦੀ ਖ਼ਰੀਦ ਕਰ ਲਈ ਗਈ ਹੈ।

# ਲਾਰੈਂਸ ਸਕੂਲ, ਸਨਾਵਰ ਨੂੰ 'ਦੇਸ਼ ਦਾ ਸਰਵੋਤਮ ਵਿੰਟੇਜ ਕੋ-ਐਜੂਕੇਸ਼ਨਲ ਬੋਰਡਿੰਗ ਸਕੂਲ' ਦਾ ਮਿਲਿਆ ਖਿਤਾਬ




**ਚੰਡੀਗੜ੍ਹ, ( ਲੋਕ ਬਾਣੀ)** ਐਜੂਕੇਸ਼ਨਲ ਵਰਲਡ ਵੱਲੋਂ ਲਾਰੈਂਸ ਸਕੂਲ, ਸਨਾਵਰ ਨੂੰ ਵਿੰਟੇਜ ਕੋ-ਐਜੂਕੇਸ਼ਨਲ ਬੋਰਡਿੰਗ ਸਕੂਲ ਸ਼੍ਰੇਣੀ ਵਿੱਚ ਸਰਵੋਤਮ ਸਕੂਲ ਦਾ ਪੁਰਸਕਾਰ ਦਿੱਤਾ ਗਿਆ ਹੈ। ਐਜੂਕੇਸ਼ਨਲ ਵਰਲਡ ਨੇ 2024-25 ਲਈ ਆਪਣੀ ਇੰਡੀਆ ਸਕੂਲ ਰੈਂਕਿੰਗ ਦੀ ਘੋਸ਼ਣਾ ਕੀਤੀ, ਦੇਸ਼ ਭਰ ਵਿੱਚ ਸਕੂਲੀ ਸਿੱਖਿਆ ਦੇ 8500 ਤੋਂ ਵੱਧ ਜਾਣਕਾਰ ਸਟੇਕਹੋਲਡਰਾਂ ਅਤੇ ਫੀਲਡ ਇੰਟਰਵਿਊਆਂ 'ਤੇ ਆਧਾਰਿਤ ਵਿਸ਼ਵ ਦੀ ਸਭ ਤੋਂ ਵੱਡੀ ਅਤੇ ਸਭ ਤੋਂ ਵੱਧ ਡੂੰਘਾਈ ਨਾਲ ਸਕੂਲ ਰੇਟਿੰਗ ਅਤੇ ਰੈਂਕਿੰਗ ਸਰਵੇਖਣ। ਗੁਰੂਗ੍ਰਾਮ ਦੇ ਲੀਲਾ ਐਂਬੀਏਂਸ ਹੋਟਲ ਵਿੱਚ ਹੋਏ ਇਨਾਮ ਵੰਡ ਸਮਾਰੋਹ ਦੌਰਾਨ ਸਕੂਲ ਦੇ ਮੁੱਖ ਅਧਿਆਪਕ ਹਿੰਮਤ ਸਿੰਘ ਢਿੱਲੋਂ ਨੇ ਇਨਾਮ ਪ੍ਰਾਪਤ ਕੀਤਾ। ਇਸ ਪ੍ਰੋਗਰਾਮ ਵਿੱਚ ਦੇਸ਼ ਭਰ ਦੇ ਸਿੱਖਿਆ ਸ਼ਾਸਤਰੀਆਂ ਨੇ ਵੀ ਸ਼ਿਰਕਤ ਕੀਤੀ। ਸਕੂਲ ਦੇ ਮੁੱਖ ਅਧਿਆਪਕ ਹਿੰਮਤ ਸਿੰਘ ਢਿੱਲੋਂ ਨੇ ਇਹ ਸਨਮਾਨ ਮਿਲਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਹ ਸਨਾਵਰ ਦੀ ਅਮੀਰ ਵਿਰਾਸਤ ਨੂੰ ਸੰਭਾਲਣ ਲਈ ਵਚਨਬੱਧ ਹਨ ਕਿਉਂਕਿ ਇਸ ਸਨਮਾਨ ਨੇ ਸਨਾਵਰ ਦੀ ਟੀਮ ਨੂੰ ਹੋਰ ਵੀ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਸਨਮਾਨ ਇੱਕ ਵਾਰ ਫਿਰ ਸਕੂਲ ਦੇ ਵਿਜ਼ਨ, ਮਿਸ਼ਨ ਅਤੇ ਸਿੱਖਿਆ ਦੇ ਖੇਤਰ ਵਿੱਚ ਪ੍ਰਾਪਤੀਆਂ ਦੀ ਜ਼ੋਰਦਾਰ ਪੁਸ਼ਟੀ ਕਰਦਾ ਹੈ। 1847 ਵਿੱਚ ਸਥਾਪਿਤ, ਲਾਰੈਂਸ ਸਕੂਲ, ਸਨਾਵਰ ਦਲੀਲ ਨਾਲ ਦੁਨੀਆ ਦਾ ਸਭ ਤੋਂ ਪੁਰਾਣਾ ਸਹਿ-ਵਿਦਿਅਕ ਸਕੂਲ ਹੈ।

# ਪਿੰਡ ਕਲੇਰਾਂ ਤੋਂ ਨਵੇਂ ਬਣੇ ਸਰਪੰਚ ਸੰਤ ਬਾਬਾ ਜਗਜੀਤ ਸਿੰਘ ਕਲੇਰਾ ਨੇ ਕੀਤਾ ਵੋਟਰਾਂ ਦਾ ਧੰਨਵਾਦ



**ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)** ਹਾਲੀ ਦੌਰਾਨ ਪੰਚਾਇਤੀ ਚੋਣਾਂ ਵਿੱਚ ਪਿੰਡ ਕਲੇਰਾਂ ਤੋਂ ਸਰਪੰਚੀ ਦੀ ਚੋਣ ਵਿੱਚ ਜੇਤੂ ਰਹੇ ਸਰਪੰਚ ਸੰਤ ਬਾਬਾ ਜਗਜੀਤ ਸਿੰਘ ਕਲੇਰਾ ਨੇ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਹੈ ਕਿ ਮੇਰੇ ਨਗਰ ਨੇ ਮੇਰੇ ਉੱਪਰ ਐਡਾ ਵੱਡਾ ਕਰਜ ਚਾੜ ਦਿੱਤਾ ਜਿਸ ਨੂੰ ਮੈਂ ਜ਼ਿੰਦਗੀ ਭਰ ਚੁਕਾ ਨਹੀਂ ਸਕਾਂਗਾ। ਉਨਾਂ ਅੱਗੇ ਕਿਹਾ ਹੈ ਕਿ ਮੈਂ ਆਪਣੇ ਚੋਣ ਮਨੋਰਥ ਪੱਤਰ ਅਨੁਸਾਰ ਜਿੰਨੇ ਵੀ ਨਗਰ ਨਿਵਾਸੀਆਂ ਨਾਲ ਵਾਅਦੇ ਕੀਤੇ ਹਨ ਉਹਨਾਂ ਨੂੰ ਸਮੁੱਚੀ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਨੇਪਰੇ ਚਾੜਾਂਗਾ। ਅਖੀਰ ਵਿੱਚ ਉਹਨਾਂ ਕਿਹਾ ਹੈ ਕਿ ਮੈਂ ਸਮੁੱਚੇ ਨਗਰ ਨਿਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹੋਏ ਵਾਹਿਗੁਰੂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਨਵੀਂ ਬਣੀ ਪੰਚਾਇਤ ਨੂੰ ਕੰਮ ਕਰਨ ਦਾ ਬਲ ਬਖਸ਼ੇ। ਉਹਨਾਂ ਕਿਹਾ ਹੈ ਕਿ ਉਹ ਪਿੰਡ ਦੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਤੋਂ ਕਰਨਗੇ। ਕਿਉਂਕਿ ਉਹ ਸਰਪੰਚ ਨਹੀਂ ਇੱਕ ਸੇਵਾਦਾਰ ਹਨ। ਉਨਾਂ ਸਮੁੱਚੇ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਵੀ ਧੰਨਵਾਦ ਕੀਤਾ ਜਿਨਾਂ ਨੇ ਚੋਣ ਪ੍ਰਕਿਰਿਆ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਨੇਪਰੇ ਨੇਪਰੇ ਚਾੜਿਆ। ਉਹਨਾਂ ਨਾਲ ਉਹਨਾਂ ਦੇ ਸਮੁੱਚੇ ਪੰਚਾਇਤ ਮੈਂਬਰ ਵੀ ਹਾਜ਼ਰ ਸਨ।

# ਅੱਜ ਦਾ ਸੁਭ ਵਿਚਾਰ



ਸਾਨੂੰ ਮੈਂ ਮੇਰੀ ਅਤੇ ਆਪਣੇ ਅੰਦਰੋਂ ਹੰਕਾਰ ਛੱਡ ਕੇ ਪਰਮਾਤਮਾ ਦੇ ਭਾਣੇ ਵਿੱਚ ਰਹਿਣਾ ਚਾਹੀਦਾ ਹੈ। ਫੇਰ ਹੀ ਅਸੀਂ ਉਸ ਅਕਾਲ ਪੁਰਖ ਪਾਸੋਂ ਖੁਸ਼ੀਆਂ ਪ੍ਰਾਪਤ ਕਰ ਸਕਦੇ ਹਾਂ।

**ਬਾਬਾ ਮਿਲਣਜੋਤ ਸਿੰਘ**

# ਪਿੰਡ ਟਿੱਬਾ ਦੀ ਨਵੀਂ ਚੁਣੀ ਪੰਚਾਇਤ ਦਾ ਕੀਤਾ ਸਨਮਾਨ

## ਪਿੰਡ ਦੀ ਨੁਹਾਰ ਬਦਲਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ : ਸਰਪੰਚ ਸੁਰਿੰਦਰ ਕੌਰ



**ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)** ਬਲਾਕ ਸ਼ੇਰਪੁਰ ਦੇ ਪਿੰਡ ਟਿੱਬਾ ਦੀ ਨਵੀਂ ਚੁਣੀ ਪੰਚਾਇਤ ਦੇ ਸਨਮਾਨ ਲਈ ਸੰਤ ਬਾਬਾ ਸਾਧੂ ਰਾਮ ਜੀ ਦੇ ਅਸਥਾਨ ਸ੍ਰੀ ਅੰਗੀਠਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਿੱਸਾ ਲਿਆ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਮਾਜਿਕ ਸੰਸਥਾ ਹੋਪ ਫ਼ਾਰ ਮਹਿਲ ਕਲਾਂ ਦੇ ਇੰਚਾਰਜ ਕੁਲਵੰਤ ਸਿੰਘ ਟਿੱਬਾ,ਸਾਬਕਾ ਸਰਪੰਚ ਬਲਦੇਵ ਸਿੰਘ ਸੰਧੂ,ਮਹੰਤ ਗੁਰਮੀਤ ਸਿੰਘ, ਡਾ. ਕਮਲਜੀਤ ਸਿੰਘ ਟਿੱਬਾ ਨੇ ਨਵੀਂ ਚੁਣੀ ਪੰਚਾਇਤ ਨੂੰ ਮੁਬਾਰਕਬਾਦ ਆਖਦਿਆਂ ਕਿਹਾ ਕਿ ਪਿੰਡ ਦੇ ਸਰਵਪੱਖੀ ਵਿਕਾਸ ਲਈ ਬਗੈਰ ਕਿਸੇ ਭੇਦਭਾਵ ਤੋਂ ਕੰਮ ਕੀਤਾ ਜਾਵੇ।ਸਮੁੱਚੀ ਚੋਣ ਪ੍ਰਕਿਰਿਆ ਅਮਨ ਸਾਂਤੀ ਨਾਲ ਨੇਪਰੇ ਚਾੜਣ ਲਈ ਬੁਲਾਰਿਆਂ ਨੇ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ ਅਤੇ ਅੱਗੇ ਲਈ ਪਿੰਡ ਵਿੱਚ ਆਪਸੀ ਪਿਆਰ ਸਤਿਕਾਰ ਬਣਾਈ ਰੱਖਣ ਲਈ ਅਪੀਲ ਕੀਤੀ।ਪਿੰਡ ਟਿੱਬਾ ਦੇ ਨਵੇਂ ਚੁਣੇ ਗਏ ਸਰਪੰਚ ਬੀਬੀ ਸੁਰਿੰਦਰ ਕੌਰ ਮੂੰਗਰੀਆ,ਛਿੰਦਰਪਾਲ ਕੌਰ ਪੰਚ,ਮਹਿੰਦਰ ਕੌਰ ਪੰਚ, ਸ਼ਮਸ਼ੇਰ ਸਿੰਘ ਪੰਚ, ਕਰਮਜੀਤ ਸਿੰਘ ਧਾਲੀਵਾਲ ਪੰਚ, ਸੁਖਦੇਵ ਸਿੰਘ ਪੰਚ, ਲਖਵੀਰ ਸਿੰਘ ਸਰਾਂ ਪੰਚ, ਬੇਅੰਤ ਕੌਰ ਪੰਚ, ਅੰਜਲੀ ਸਰਮਾ ਪੰਚ, ਮਨਜੋਤ ਕੌਰ ਸੰਧੂ ਪੰਚ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਧਿਆਨ ਸਿੰਘ, ਸੁਰਜੀਤ ਸਿੰਘ ਫ਼ੌਜੀ ਸੰਮਤੀ ਮੈਂਬਰ, ਗੁਰਚੇਤ ਸਿੰਘ ਨੰਬਰਦਾਰ, ਨਫ਼ੇ ਸਿੰਘ,ਮਨਜਿੰਦਰ ਸਿੰਘ ਲਵਲੀ ਸੰਧੂ, ਕਰਮਜੀਤ ਕੌਰ ਸੰਧੂ, ਸਤਨਾਮ ਸਿੰਘ ਛੱਤਾ, ਗੁਰਦੀਪ ਸਿੰਘ ਸੰਧੂ ਸਾਬਕਾ ਸਰਪੰਚ, ਹਰਵਿੰਦਰ ਕੌਰ ਸਾਬਕਾ ਸਰਪੰਚ,ਰਣਜੀਤ ਸਿੰਘ ਸੋਹੀ, ਵਿੰਦਰ ਕੌਰ,ਸੁਖਵਿੰਦਰ ਸਿੰਘ ਸੁੱਖੀ ਸਾਬਕਾ ਪੰਚ, ਸੁਖਵਿੰਦਰ ਕਾਕਾ ਸਾਬਕਾ ਪੰਚ,ਗੁਰਬਚਨ ਸਿੰਘ ਸਾਬਕਾ ਪੰਚ, ਜਸਵੀਰ ਸਿੰਘ ਜਵੰਦਾ,ਹੈਪੀ ਸਰਮਾ, ਜਥੇਦਾਰ ਤਰਸੇਮ ਸਿੰਘ,ਹਰਦੇਵ ਸਿੰਘ ਚੀਮਾ, ਗੁਰਦਿਆਲ ਸਿੰਘ ਧਾਲੀਵਾਲ, ਰਾਜ ਸਿੰਘ, ਗੋਰਾ ਫ਼ੌਜੀ,ਜਗਜੀਤ ਸਿੰਘ ਸਰਾਂ, ਮਲਕੀਤ ਸਿੰਘ ਚਹਿਲ ਆਦਿ ਆਗੂ ਵੀ ਹਾਜ਼ਰ ਸਨ।

# ਆਯੁਰਵੈਦ ਦੀਆਂ ਬਿਮਾਰੀਆਂ ਤੇ ਦਵਾਈਆਂ ਨਾਲ ਸੰਬੰਧਿਤ ਤਿੰਨ ਦਿਨਾਂ ਪ੍ਰੋਗਰਾਮ ਕਰਵਾਇਆ



**ਅੰਮ੍ਰਿਤਸਰ (ਅਰਵਿੰਦਰ ਵੜੈਚ):** ਆਯੁਰਵੈਦ ਨਾਲ ਸੰਬੰਧਿਤ ਬਿਮਾਰੀਆਂ ਦੇ ਡਾਕਟਰਾਂ ਤੇ ਕੰਪਨੀਆਂ ਵੱਲੋਂ ਤਿੰਨ ਦਿਨਾਂ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੌਰਾਨ ਸ਼ਹਿਰ ਵਾਸੀਆਂ ਨੂੰ ਵੱਖ-ਵੱਖ ਬਿਮਾਰੀਆਂ ਦੇ ਇਲਾਜ ਨੂੰ ਲੈ ਕੇ ਜਾਗਰੂਕ ਕੀਤਾ ਗਿਆ। ਜਿਸ ਦੌਰਾਨ ਆਯੁਰਵੈਦ ਦੇ ਨਾਲ ਹੋਣ ਵਾਲੇ ਲਾਭ, ਰੋਜ਼ਮਰਾ ਦੀ ਜ਼ਿੰਦਗੀ ਵਿੱਚ ਆਯੁਰਵੈਦ ਜਰੀਏ ਸਰੀਰ ਨੂੰ ਮਿਲਣ ਵਾਲੀ ਤੰਦਰੁਸਤੀ ਅਤੇ ਉਤਪਾਦਨ ਸਬੰਧੀ ਜਾਣਕਾਰੀਆਂ ਦਿੱਤੀਆਂ ਗਈਆਂ। ਪ੍ਰੋਗਰਾਮ ਦੌਰਾਨ ਆਯੁਰਵੈਦ ਨਾਲ ਸੰਬੰਧਿਤ ਫਾਰਮੇਸੀਆਂ ਰਾਬਿਨ,ਡਾਬਰ, ਪ੍ਰਭਾਤ ਆਯੁਰਵੈਦਿਕ ਫਾਰਮੇਸੀ,ਹੈਲਥ ਕੇਅਰ ਪ੍ਰੋਡਕਟ,ਫਾਰਮਾਲੋਈਓਸ ਕੰਪਨੀਆਂ ਵੱਲੋਂ ਆਪਣੇ ਆਪਣੇ ਪ੍ਰੋਡਕਟ ਦੇ ਸਟਾਲ ਵੀ ਲਗਾਏ ਗਏ। ਡਾਕਟਰਾਂ ਦੀ ਟੀਮ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਤੇ ਪ੍ਰਧਾਨ ਰਕੇਸ਼ ਸ਼ਰਮਾ ਡਾਇਰੈਕਟਰ ਰਵੀ ਡੁਮਰਾ, ਸਲਾਹਕਾਰ ਆਯੂਸ਼,ਡਾ. ਉਪਾਧਿਆ,ਅੰਮ੍ਰਿਤਸਰ ਦੇ ਆਯੁਰਵੈਦਿਕ ਅਤੇ ਯੂਨਾਨੀ ਅਧਿਕਾਰੀ ਡਾ.ਦਿਨੇਸ਼, ਡਾ.ਨਰਿੰਦਰ ਚਾਵਲਾ,ਡਾ. ਰਿਤੇਸ਼ ਚਾਵਲਾ ਸਮੇਤ ਆਯੁਰਵੈਦ ਨਾਲ ਸੰਬੰਧਿਤ ਹੋਰ ਲੋਕ ਵੀ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ www.lokbani.com

# ਸੰਤੁਲਿਤ ਖੁਰਾਕ ਚੰਗੀ ਸਿਹਤ ਦਾ ਆਧਾਰ : ਡਾ ਰਿਚਾ ਭਾਟੀਆ



**ਕਪੂਰਥਲਾ/ ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ)** ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਿਹਤ ਵਿਭਾਗ ਹਮੇਸ਼ਾ ਹੀ ਵਚਨਬੱਧ ਤੇ ਯਤਨਸ਼ੀਲ ਹੈ। ਵਿਸ਼ਵ ਫੂਡ ਦਿਵਸ ਤਹਿਤ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਸਬੰਧੀ ਸਮੀਖਿਆ ਕਰਨ ਉਪਰੰਤ ਉਨ੍ਹਾਂ ਕਿਹਾ ਕਿ ਇਸ ਸਾਲ ਵਿਸ਼ਵ ਫੂਡ ਦਿਵਸ 'ਰਾਈਟ ਟੂ ਫੂਡ ਫਾਰ ਏ ਬੈਟਰ ਲਾਈਫ ਐਂਡ ਬੈਟਰ ਫਿਊਚਰ' ਥੀਮ ਤਹਿਤ ਮਨਾਇਆ ਜਾ ਰਿਹਾ ਹੈ ਅਤੇ ਇਸਦਾ ਉਦੇਸ਼ ਲੋਕਾਂ ਨੂੰ ਪੌਸ਼ਟਿਕ ਖੁਰਾਕ ਅਤੇ ਸਿਹਤਮੰਦ ਜੀਵਨਸ਼ੈਲੀ ਦੇ ਮਹੱਤਵ ਨੂੰ ਸਮਝਣ ਲਈ ਪ੍ਰੇਰਿਤ ਕਰਨਾ ਹੈ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਚੰਗੀ ਸਿਹਤ ਦਾ ਆਧਾਰ ਪੌਸ਼ਟਿਕ ਅਤੇ ਸੰਤੁਲਿਤ ਖੁਰਾਕ ਹੀ ਹੁੰਦੀ ਹੈ।

ਰੋਜ਼ਾਨਾ ਲੋਕ ਬਾਣੀ
www.lokbani.com

ਤਿਉਹਾਰਾਂ ਦੇ ਮੱਦੇਨਜ਼ਰ ਵੀ ਡਾਕਟਰ ਰਿਚਾ ਭਾਟੀਆ ਨੇ ਲੋਕਾਂ ਨੂੰ ਸਹੀ ਖਾਣ ਪੀਣ ਦਾ ਪ੍ਰਯੋਗ ਕਰਨ ਨੂੰ ਕਿਹਾ ਹੈ। ਓਹਨਾਂ ਜ਼ੋਰ ਦਿੱਤਾ ਕਿ ਬਿਨਾਂ ਢੱਕੇ ਬਾਹਰ ਖੁੱਲ੍ਹੇ ਵਿਚ ਵਿਕ ਰਹੇ ਖਾਦ ਪਦਾਰਥਾਂ ਨੂੰ ਖਾਣ ਤੋਂ ਬਚੋ। ਇਹੀ ਨਹੀਂ ਜ਼ਿਆਦਾ ਰੰਗਦਾਰ ਮਿਠਾਈਆਂ ਦਾ ਪ੍ਰਯੋਗ ਕਰਨ ਤੋਂ ਵੀ ਬਚਣਾ ਚਾਹੀਦਾ ਹੈ ਡਾਕਟਰ ਰਿਚਾ ਭਾਟੀਆ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਸਿਹਤਮੰਦ ਰਹਿ ਕੇ ਹੀ ਤਿਉਹਾਰਾਂ ਦਾ ਅਨੰਦ ਮਾਣਿਆ ਜਾ ਸਕਦਾ ਹਾਈ

## ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਨੇ ਨਾਮਵਾਰ ਸ਼ਾਇਰ , ਨਾਟਕਕਾਰ , ਪੱਤਰਕਾਰ ਸ਼ਖ਼ਸੀਅਤ ਡਾ ਸਵਰਾਜ ਬੀਰ ਸਿੰਘ ਨੂੰ ਪ੍ਰੋ ਪਿਆਰਾ ਸਿੰਘ ਭੋਗਲ ਯਾਦਗਾਰੀ ਪੁਰਸਕਾਰਦਿੱਤੇ ਜਾਣ ਤੇ ਢੇਰ ਸਾਰੀਆਂ ਮੁਬਾਰਕਾਂ ਦਿੱਤੀਆਂ




**ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ)** ਅੱਜ ਪ੍ਰੋਫੈਸਰ ਪਿਆਰਾ ਸਿੰਘ ਭੋਗਲ ਯਾਦਗਾਰੀ ਪੁਰਸਕਾਰ ਕਮੇਟੀ ਵਲੋਂ ਬੱਲਡ ਬੈਂਕ ਹਰਗੋਬਿੰਦ ਨਗਰ ਫਗਵਾੜਾ ਵਿਖੇ ਇੱਕ ਸਾਦਾ ਅਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ ਨਾਮਵਾਰ ਸ਼ਾਇਰ , ਨਾਟਕਕਾਰ , ਪੱਤਰਕਾਰ ਸ਼ਖ਼ਸੀਅਤ ਡਾ ਸਵਰਾਜ ਬੀਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ ਇਸ ਮੌਕੇ ਪਹੁੰਚੇ ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਦੇ ਪ੍ਰਧਾਨ ਡਾ ਰਮਨ ਸ਼ਰਮਾ , ਡਾ ਜਸਵੰਤ ਸਿੰਘ ਗਿੱਲ , ਸੁਖਵੀਰ ਸਿੰਘ ਸ਼ੀਰਾ ,ਅਸ਼ੋਕ ਸ਼ਰਮਾ , ਸੁਸ਼ੀਲ ਸ਼ਰਮਾ , ਜੀਵਨ ਸੰਘਾ , ਪ੍ਰੀਤ ਕੌਰ ਪ੍ਰਿਤੀ , ਅਜੇ ਕੋਛੜ , ਆਦਿ ਨੇ ਡਾ ਸਵਰਾਜ ਬੀਰ ਸਿੰਘ ਨਾਲ ਮੁਲਾਕਾਤ ਕਰ ਉਨ੍ਹਾਂ ਨੂੰ ਮਿਲੇ ਇਸ ਸਨਮਾਨ ਲਈ ਵਿਸ਼ੇਸ਼ ਤੌਰ ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ ਇਸ ਮੌਕੇ ਪ੍ਰਧਾਨ ਡਾ ਰਮਨ ਸ਼ਰਮਾ ਨੇ ਡਾ ਸਵਰਾਜ ਬੀਰ ਸਿੰਘ ਬਾਰੇ ਸੰਖੇਪ ਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਘੁਮਾਣ ਪੰਡੋਰੀ ਦੇ ਨੇੜੇ ਇੱਕ ਕਸਬੇ ਮਲੋਵਾਲੀ ਵਿੱਚ ਉਨ੍ਹਾਂ ਦਾ ਜਨਮ ਹੋਇਆ ਅਤੇ ਉਨ੍ਹਾਂ ਆਪਣਾ ਸਾਹਿਤਕ ਜੀਵਨ 1978-79 ਵਿੱਚ ਕਵੀ ਦੇ ਤੌਰ ਤੇ ਸ਼ੁਰੂ ਕੀਤਾ ਸੀ ਪਰ ਬਾਅਦ ਵਿੱਚ ਉਨ੍ਹਾਂ ਨੇ ਨਾਟਕ ਦੀ ਵਿਧਾ ਵਿੱਚ ਜਿਆਦਾ ਰੁਚੀ ਹੋ ਗਈ ਉਨ੍ਹਾਂ ਦੇ ਕਈ ਨਾਟਕ ਦੇਸ ਵਿਦੇਸ਼ ਵਿੱਚ ਖੇਡੇ ਜਾ ਚੁੱਕੇ ਹਨ

ਰੋਜ਼ਾਨਾ ਲੋਕ ਬਾਣੀ
www.lokbani.com

# ਪਿੰਡ ਗੰਡਵਾ ਦੇ ਨੌਜਵਾਨ ਆਗੂ ਮਨਜੀਤ ਮਾਨ ਦੇ ਸਿਰ ਸਜਿਆ ਸਰਪੰਚੀ ਦਾ ਤਾਜ

## ਸਰਟੀਫਿਕੇਟ ਲੈਣ ਉਪਰੰਤ ਗੁਰੂ ਘਰਾਂ 'ਚ ਕੀਤਾ ਸ਼ੁਕਰਾਨਾ





**ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ)** ਬਲਾਕ ਫਗਵਾੜਾ ਦੇ ਪਿੰਡ ਗੰਡਵਾ ਵਿਖੇ ਹੋਈਆਂ ਪੰਚਾਇਤੀ ਚੋਣਾਂ ਵਿਚ 34 ਸਾਲ ਦੇ ਨੌਜਵਾਨ ਆਗੂ ਮਨਜੀਤ ਮਾਨ ਦੇ ਸਿਰ ਵੋਟਰਾਂ ਵਲੋਂ ਸਰਪੰਚੀ ਦਾ ਤਾਜ ਸਜਾਇਆ ਗਿਆ ਹੈ ਜੋ ਕਿ ਧਾਰਮਿਕ, ਸਮਾਜਿਕ ਅਤੇ ਸਿਆਸੀ ਹਲਕਿਆਂ 'ਚ ਸਰਗਰਮ ਹੋਣ ਦੇ ਨਾਲ ਹੀ ਲੋੜਵੰਦਾਂ ਦੀ ਹਰ ਸੰਭਵ ਸਹਾਇਤਾ ਲਈ ਹਮੇਸ਼ਾ ਤੱਤਪਰ ਰਹਿੰਦਾ ਹੈ ਨਵ ਨਿਯੁਕਤ ਸਰਪੰਚ ਮਨਜੀਤ ਮਾਨ ਨੂੰ ਰਿਟਰਨਿੰਗ ਅਫਸਰ ਰਜਿੰਦਰ ਕੁਮਾਰ ਵਲੋਂ ਸਰਟੀਫਿਕੇਟ ਭੇਂਟ ਕੀਤਾ ਗਿਆ ਜਿਸ ਉਪਰੰਤ ਉਹਨਾਂ ਨੇ ਪੰਚਾਇਤ ਮੈਂਬਰਾਂ ਹਰਵਿੰਦਰ ਕੁਮਾਰ, ਰਾਜ ਰਾਣੀ, ਦਰਸ਼ਨਾ ਰਾਣੀ ਅਤੇ ਰਾਣੀ ਪੰਚ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾ 'ਤੇ ਨਤਮਸਤਕ ਹੋ ਕੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਮਨਜੀਤ ਮਾਨ ਅਤੇ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਜਿਸ ਵਿਸ਼ਵਾਸ ਦੇ ਨਾਲ ਪਿੰਡ ਵਾਸੀਆਂ ਨੇ ਉਹਨਾਂ ਨੂੰ ਵੋਟਾਂ ਪਾ ਕੇ ਜੇਤੂ ਬਣਾਇਆ ਹੈ, ਉਸ ਵਿਸ਼ਵਾਸ ਨੂੰ ਪੂਰੀ ਇਮਾਨਦਾਰੀ ਦੇ ਨਾਲ ਕਾਇਮ ਰੱਖਿਆ ਜਾਵੇਗਾ ਉਹਨਾਂ ਕਿਹਾ ਕਿ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਨੂੰ ਅਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ ਅਤੇ ਅਗਲੇ ਪੰਜ ਸਾਲ ਪਿੰਡ ਦਾ ਰਿਕਾਰਡ ਤੋੜ ਵਿਕਾਸ ਕਰਵਾਇਆ ਜਾਵੇਗਾ। ਇਸ ਮੋਕੇ ਡਾ. ਪਰਮਜੀਤ ਸਿੰਘ, ਸ਼ਿੰਦਰ ਠੇਕੇਦਾਰ, ਖੇਮਰਾਜ, ਮਨਜਿੰਦਰ ਕੁਮਾਰ, ਜਸਮੀਤ ਜੱਸੀ, ਪਰਮਜੀਤ ਪੰਮਾ, ਸ਼ੀਤਲ ਕੁਮਾਰ, ਰਮਨਦੀਪ, ਰੋਹਿਤ ਝੱਲੀ, ਸੰਦੀਪ ਕੁਮਾਰ ਤੋਂ ਇਲਾਵਾ ਪਿੰਡ ਦੇ ਪਤਵੰਤੇ ਵੱਡੀ ਗਿਣਤੀ ਵਿਚ ਹਾਜਰ ਸਨ

ਰੋਜ਼ਾਨਾ ਲੋਕ ਬਾਣੀ
www.lokbani.com

# ਲੁਧਿਆਣਾ ਵਿਚ ਸਾਇਕਲ ਅਤੇ ਆਟੋ ਪਾਰਟਸ ਨਿਰਮਾਣ ਨੂੰ ਮਿਲੇ ਹੁੰਗਾਰਾ, ਪ੍ਰਦੂਸ਼ਣ ਮੁਕਤ ਉਦਯੋਗ ਹੈ ਵਿਕਾਸ ਦੀ ਕੂੰਜੀ : ਮਿਸਲ ਸਤਲੁਜ







**ਲੁਧਿਆਣਾ, (ਲੋਕ ਬਾਣੀ)**,: ਸਮਾਜਕ ਅਤੇ ਰਾਜਨੈਤਿਕ ਸੰਗਠਨ ਮਿਸਲ ਸਤਲੁਜ ਨੇ ਐਤਵਾਰ ਨੂੰ ਗੁਰੂ ਨਾਨਕ ਦੇਵ ਭਵਨ ਵਿਚ ਆਯੋਜਿਤ ਇਕ ਪ੍ਰੋਗਰਾਮ ਦੇ ਦੌਰਾਨ ਇਸ ਗੱਲ ਤੇ ਬਲ ਦਿੱਤਾ ਕਿ ਪ੍ਰਦੂਸ਼ਣ ਮੁਕਤ ਉਦਯੋਗਿਕ ਵਿਕਾਸ ਨੂੰ ਵਾਧਾ ਦੇਣ ਦੇ ਜ਼ਰੀਏ ਵਿਚ ਸਾਇਕਲ ਅਤੇ ਆਟੋ ਪਾਰਟਸ ਨਿਰਮਾਣ ਨੂੰ ਹੁੰਗਾਰਾ ਦੇਣ ਦੀ ਲੋੜ ਹੈ।

ਮੁੱਖ ਬੁਲਾਰਿਆਂ ਵਿਚੋਂ ਸਿਮਰ ਸਿੰਘ ਚੰਢੋਕ ਨੇ ਸੂਬੇ ਵਿੱਚ ਵਿਗੜ ਰਹੀ ਸਿਹਤ ਸੇਵਾ ਪ੍ਰਣਾਲੀ ਤੇ ਚਿੰਤਾ ਪ੍ਰਗਟਾਈ ਜਦਕਿ ਕਿਰਨ ਪ੍ਰੀਤ ਕੌਰ ਨੇ ਅਮਨ-ਕਾਨੂੰਨ ਦੀ ਮੌਜੂਦਾ ਸਥਿਤੀ ਦੀ ਆਲੋਚਨਾ ਕੀਤੀ । ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ ਨੇ ਸੱਸਟੇਨੇਬਲ ਇੰਡਸਟ੍ਰੀਅਲ ਗਰੋਥ ਰਾਹੀਂ ਪੰਜਾਬ ਦੇ ਵਿੱਤੀ ਦ੍ਰਿਸ਼ਟੀਕੋਣ ਨੂੰ ਵਧਾਉਣ ਲਈ ਸਾਇਕਲ ਅਤੇ ਆਟੋ ਪਾਰਟਸ ਉਦਯੋਗ ਦੀਆਂ ਸੰਭਾਵਨਾਵਾਂ ਤੇ ਜੋਰ ਦਿੱਤਾ।

ਮਿਸਲ ਸਤਲੁਜ ਦੇ ਐਗਰੀਕਲਚਰ ਵਿੰਗ ਦੇ ਪਰਮੁੱਖ ਗੁਰਤੇਜ ਸਿੰਘ ਨੇ ਖੇਤੀ ਵਿਭਿੰਨਤਾ ਦੇ ਮਹੱਤਵ ਅਤੇ ਕਿਸਾਨ ਉਤਪਾਦਕ ਸੰਗਠਨਾਂ (ਐਫਪੀਓ) ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਮਿਸਲ ਸਤਲੁਜ ਦੇ ਜਨਰਲ ਸਕੱਤਰ ਦਵਿੰਦਰ ਸਿੰਘ ਸੇਖੋਂ ਨੇ ਸਰਕਾਰ ਨੂੰ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਖਾਸ ਕਰਕੇ ਝੋਨੇ ਦੀ ਲਿਫਟਿੰਗ ਨਾ ਹੋਣ ਨਾਲ ਸੰਬੰਧਤ ਚੁਣੌਤੀਆਂ ਦਾ ਹੱਲ ਕਰਨ ਦੀ ਅਪੀਲ ਕੀਤੀ ।

ਰੋਜ਼ਾਨਾ ਲੋਕ ਬਾਣੀ
www.lokbani.com

ਪ੍ਰੋਗਰਾਮ ਦੌਰਾਨ ਗੁਰਬੀਰ ਸਿੰਘ ਖੋਸਾ, ਹਰਦੀਪ ਸਿੰਘ ਡੋਡ, ਇਕਬਾਲ ਸਿੰਘ ਰਾਮੇਆਣਾ, ਬਾਬੂ ਸਿੰਘ ਅਤੇ ਰਣਵੀਰ ਸਿੰਘ ਮੱਲ੍ਹੀ,ਹਰਦੇਵ ਸਿੰਘ ਘਣੀਏਵਾਲਾ,ਡਾਕਟਰ ਅਮਨਦੀਪ ਸਿੰਘ ਬੈਂਸ,ਕੁਲਦੀਪ ਸਿੰਘ ਖਹਿਰਾ ਸਮੇਤ ਵੱਖ ਵੱਖ ਬੁਲਾਰਿਆਂ ਨੇ ਸੂਬੇ ਦੀਆਂ ਚੁਣੌਤੀਆਂ ਅਤੇ ਉਨ੍ਹਾਂ ਦੇ ਹੱਲ ਸੰਬੰਧੀ ਆਪਣੇ ਵਿਚਾਰ ਪ੍ਰਗਟ ਕੀਤੇ।

ਪ੍ਰੋਗਰਾਮ ਵਿੱਚ ਵਿਆਪਕ ਭਾਗੀਦਾਰੀ ਦੇ ਨਾਲ, ਲੁਧਿਆਣਾ ਲਈ ਇੱਕ ਪ੍ਰਦੂਸ਼ਣ ਮੁਕਤ ਉਦਯੋਗਿਕ ਭਵਿੱਖ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਮੂਹਿਕ ਵਚਨਬੱਧਤਾ ਦਿਖਾਈ ਗਈ।

# ਜਦੋਂ, ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਪਿੰਡ ਬੁੱਟਰ ਕਲਾਂ ਦੇ ਖੇਤ ਵਿੱਚ ਲੱਗੀ ਅੱਗ ਨੂੰ ਖੁਦ ਜਾ ਕੇ ਬੁਝਾਇਆ

## ਡਿਪਟੀ ਕਮਿਸ਼ਨਰ ਵਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਪਰਾਲੀ ਪ੍ਰਬੰਧਨ ਦੀ ਅਪੀਲ



**ਗੁਰਦਾਸਪੁਰ, ( ਨਵਨੀਤ ਕੁਮਾਰ )** ਅੱਜ ਜਦੋਂ, ਡਿਪਟੀ ਕਮਿਸ਼ਨਰ ਗੁਰਦਾਸਪੁਰ, ਸ੍ਰੀ ਉਮਾ ਸ਼ੰਕਰ ਗੁਪਤਾ, ਕਾਹਨੂੰਵਾਨ ਅਤੇ ਕਾਦੀਆਂ ਦਾਣਾ ਮੰਡੀ ਦਾ ਦੌਰਾ ਕਰਕੇ ਵਾਪਸ ਗੁਰਦਾਸਪੁਰ ਨੂੰ ਆ ਰਹੇ ਸਨ ਤਾਂ ਉਨ੍ਹਾਂ ਪਿੰਡ ਬੁੱਟਰ ਕਲਾਂ ਨੇੜੇ ਖੇਤ ਵਿੱਚ ਲੱਗੀ ਅੱਗ ਨੂੰ ਦੇਖਿਆ। ਡਿਪਟੀ ਕਮਿਸ਼ਨਰ ਵਲੋਂ ਤੁਰੰਤ ਕਾਰ ਰੋਕ ਕੇ, ਖੁਦ ਖੇਤ ਵਿੱਚ ਗਏ ਤੇ ਲੱਗੀ ਅੱਗ ਨੂੰ ਬੁਝਾ ਦਿੱਤਾ। ਅੱਜ ਜਿਥੇ ਡਿਪਟੀ ਕਮਿਸ਼ਨਰ ਵਲੋਂ ਦਾਣਾ ਮੰਡੀਆਂ ਦਾ ਦੌਰਾ ਕੀਤਾ ਗਿਆ, ਉਥੇ ਉਨਾਂ ਵਲੋਂ ਪਿੰਡ ਡੇਅਰੀਵਾਲ, ਧਾਰੀਵਾਲ ਕਲਾਂ, ਛੀਨਾ ਰੇਤ ਵਾਲਾ, ਗਿੱਲ ਮੰਜ, ਮੱਲੀਆਂ, ਕਾਲਾ ਬਾਲਾ, ਕੋਟ ਯੋਗਰਾਜ, ਸਠਿਆਲੀ , ਬੁੱਟਰ ਕਲਾਂ ਅਤੇ ਠੱਕਰ ਸੰਧੂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਗਈ। ਇਸ ਮੌਕੇ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੁੱਚਾ ਪ੍ਰਸ਼ਾਸਨ ਜਿਸ ਵਿੱਚ ਸਿਵਲ ਤੇ ਪੁਲਿਸ ਵਿਭਾਗ ਸ਼ਾਮਲ ਹੈ, ਵਲੋਂ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਮਿਲ ਰਹੇ ਹਨ ਅਤੇ ਪਰਾਲੀ ਨਾ ਸਾੜਨ ਦੀ ਅਪੀਲ ਤੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕਰ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿਸਾਨ ਵੀਰਾਂ ਤੋਂ ਵੀ ਸਹਿਯੋਗ ਵੀ ਮਿਲ ਰਿਹਾ ਹੈ ਅਤੇ ਜਦ ਕਿਤੇ ਕੋਈ ਕਿਸਾਨ ਪਰਾਲੀ ਸਾੜਦਾ ਹੈ ਤਾਂ ਉਸ ਨੂੰ ਸਮਝਾਉਣ ਲਈ ਵੀ ਯਤਨ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਪਿੰਡ ਪੱਧਰ ਤੱਕ ਨੋਡਲ ਅਫਸਰ ਤਾਇਨਾਤ ਕੀਤੇ ਗਏ ਹਨ, ਜੋ ਕਿਸਾਨਾਂ ਨੂੰ ਆਸਾਨੀ ਨਾਲ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਪਾਬੰਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜਿਲ੍ਹੇ ਵਿੱਚ ਕਰੀਬ 400 ਸੁਪਰਸੀਡਰ ਅਤੇ 200 ਬੇਲਰ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲ੍ਹੇ ਦੇ ਬਹੁਤਾਤ ਪਿੰਡਾਂ ਵਿੱਚ ਅਗਾਂਹਵਧੂ ਕਿਸਾਨ ਹਨ, ਜਿਨ੍ਹਾਂ ਵਲੋਂ ਪਿਛਲੇ ਕਈ ਸਾਲਾਂ ਤੋਂ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਈ ਗਈ ਅਤੇ ਉਨ੍ਹਾਂ ਵਲੋਂ ਪਰਾਲੀ ਨਾ ਸਾੜਨ ਦੇ ਫਾਇਦਿਆਂ ਬਾਰੇ ਦੂਜੇ ਕਿਸਾਨਾਂ ਨੂੰ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵੀ ਅਜਿਹੇ ਕਿਸਾਨਾਂ ਨੂੰ 'ਵਾਤਾਵਰਣ ਦੇ ਰਖਵਾਲੇ' ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕਰ ਰਿਹਾ ਹੈ ਅਤੇ ਅਗਾਂਹਵਧੂ ਕਿਸਾਨ ਜੋ ਵਾਤਾਵਰਣ ਨੂੰ ਸਾਫ਼ ਰੱਖਣ ਤੇ ਸਮਾਜ ਭਲਾਈ ਲਈ ਯੋਗਦਾਨ ਪਾ ਰਹੇ ਹਨ, ਜਿਲ੍ਹਾ ਪ੍ਰਸ਼ਾਸਨ ਵੀ ਇਨ੍ਹਾਂ ਦੇ ਨਾਲ ਖੜਾ ਹੈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਜਿਲ੍ਹਾ ਪ੍ਰਸ਼ਾਸਨ ਨਾਲ ਸਹਿਯੋਗ ਕੀਤਾ ਜਾਵੇ ਅਤੇ ਪਰਾਲੀ/ਨਾੜ ਦੇ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤੀ ਜਾਵੇ।

ਰੋਜ਼ਾਨਾ ਲੋਕ ਬਾਣੀ
www.lokbani.com

ਇਸ ਮੌਕੇ ਨਾਇਬ ਤਹਿਸੀਲਦਾਰ ਨਿਰਮਲ ਸਿੰਘ, ਕਾਨੂੰਗੋ ਰਜਿੰਦਰ ਸਿੰਘ, ਐਸ ਐਚ ਓ ਪਰਮਿੰਦਰ ਸਿੰਘ ਤੇ ਹੋਰ ਅਧਿਕਾਰੀ ਵੀ ਮੋਜੂਦ ਸਨ।

# ਮੂੰਹਖੁਰ ਦੀ ਬਿਮਾਰੀ ਤੋਂ ਬਚਾਅ ਲਈ ਰਾਜ-ਵਿਆਪੀ ਟੀਕਾਕਰਨ ਮੁਹਿੰਮ ਸੋਮਵਾਰ ਤੋਂ; ਮੁਹਿੰਮ ਦੇ ਸੁਚਾਰੂ ਅਮਲ ਲਈ 816 ਟੀਮਾਂ ਗਠਿਤ

**ਚੰਡੀਗੜ੍ਹ, (ਲੋਕ ਬਾਣੀ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਸ਼ੂਆਂ ਨੂੰ ਮੂੰਹਖੁਰ ਦੀ ਬਿਮਾਰੀ (ਐਫ.ਐਮ.ਡੀ.) ਤੋਂ ਬਚਾਉਣ ਲਈ ਸੂਬੇ ਭਰ ਵਿੱਚ 21 ਅਕਤੂਬਰ ਤੋਂ ਪਸ਼ੂਆਂ ਦੇ ਟੀਕਾਕਰਨ ਦੀ ਵਿਆਪਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਸ ਟੀਕਾਕਰਨ ਮੁਹਿੰਮ ਦੇ ਸੁਚਾਰੂ ਤੇ ਕੁਸ਼ਲ ਅਮਲ ਨੂੰ ਯਕੀਨੀ ਬਣਾਉਣ ਲਈ ਕੁੱਲ 816 ਟੀਮਾਂ ਦਾ ਗਠਨ ਕੀਤਾ ਗਿਆ ਹੈ।

ਅੱਜ ਇਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਵਿਆਪਕ ਟੀਕਾਕਰਨ ਮੁਹਿੰਮ ਲਈ ਐਫ.ਐਮ.ਡੀ. ਵੈਕਸੀਨ ਦੀਆਂ ਕੁੱਲ 65,47,800 ਖੁਰਾਕਾਂ ਉਪਲੱਬਧ ਕਰਵਾਈਆਂ ਗਈਆਂ ਹਨ। ਗੁਰਮੀਤ ਸਿੰਘ



ਖੁੱਡੀਆਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਇਸ ਟੀਕਾਕਰਨ ਮੁਹਿੰਮ ਨੂੰ ਨਵੰਬਰ ਦੇ ਅਖੀਰ ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਮੂੰਹਖੁਰ ਰੋਕੂ ਟੀਕਾਕਰਨ ਮੁਹਿੰਮ ਤਹਿਤ ਸੂਬੇ ਦੇ ਸਮੁੱਚੇ ਪਸ਼ੂਧਨ ਨੂੰ ਵੈਕਸੀਨ ਮੁਫ਼ਤ ਲਗਾਈ ਜਾਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕੋਲਡ ਚੇਨ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਦੇ ਨਾਲ ਨਾਲ ਪਸ਼ੂ-ਪਾਲਕਾਂ ਨੂੰ ਟੀਕਾਕਰਨ ਮੁਹਿੰਮ ਦੇ ਫਾਇਦਿਆਂ ਬਾਰੇ ਜਾਗਰੂਕ ਕਰਨ ਲਈ ਵੀ ਕਿਹਾ।

ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਰਾਹੁਲ ਭੰਡਾਰੀ ਨੇ ਦੱਸਿਆ ਕਿ ਪਸ਼ੂ ਪਾਲਣ ਵਿਭਾਗ ਵੱਲੋਂ ਸਾਰੇ ਜ਼ਿਲ੍ਹਿਆਂ ਵਿੱਚ ਵੈਕਸੀਨ ਦੀ ਵੰਡ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਸੂਬੇ ਭਰ ਵਿੱਚ ਟੀਕਾਕਰਨ ਮੁਹਿੰਮ ਦੇ ਪ੍ਰਭਾਵੀ ਅਮਲ ਨੂੰ ਯਕੀਨੀ ਬਣਾਉਣ ਲਈ ਐਨ.ਆਰ.ਡੀ.ਡੀ.ਐਲ, ਜਲੰਧਰ ਦੇ ਜਾਇੰਟ ਡਾਇਰੈਕਟਰ ਨੂੰ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਪਸ਼ੂ ਪਾਲਣ ਵਿਭਾਗ ਵੱਲੋਂ ਸੂਬਾ ਪੱਧਰ 'ਤੇ ਕੰਟਰੋਲ ਰੂਮ ਸਥਾਪਤ ਕਰਨ ਦੇ ਨਾਲ ਨਾਲ ਜ਼ਿਲ੍ਹਾ ਪੱਧਰ 'ਤੇ ਵੀ ਵਿਭਾਗ ਦੇ ਡਿਪਟੀ ਡਾਇਰੈਕਟਰਾਂ ਦੇ ਦਫ਼ਤਰਾਂ ਵਿੱਚ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ।

ਸ੍ਰੀ ਭੰਡਾਰੀ ਨੇ ਦੱਸਿਆ ਕਿ ਵਿਭਾਗ ਨੇ ਪਸ਼ੂ ਪਾਲਕਾਂ ਦੀ ਮਦਦ ਲਈ ਇੱਕ ਹੈਲਪਲਾਈਨ ਨੰਬਰ 0172-5086064 ਵੀ ਜਾਰੀ ਕੀਤਾ ਹੈ।

# DGP ਗੌਰਵ ਯਾਦਵ ਲਗਾਤਾਰ ਐਕਸ਼ਨ ਮੋਡ 'ਚ, ਦੇਰ ਰਾਤ ਲੁਧਿਆਣਾ ਪਹੁੰਚੇ, ਵਿਸ਼ੇਸ਼ ਨਾਕਾਬੰਦੀ ਕੀਤੀ ਚੈਕਿੰਗ, ਮੁਲਾਜ਼ਮਾਂ ਨਾਲ ਕੀਤੀ ਗੱਲਬਾਤ



**ਚੰਡੀਗੜ੍ਹ, (ਲੋਕ ਬਾਣੀ)** – ਪੰਜਾਬ ਦੇ ਡੀਜੀਪੀ ਗੌਰਵ ਯਾਦਵ ਲਗਾਤਾਰ ਐਕਸ਼ਨ ਮੋਡ ਵਿੱਚ ਹਨ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਦੇਰ ਰਾਤ ਅਚਨਚੇਤ ਦੌਰੇ 'ਤੇ ਲੁਧਿਆਣਾ ਪਹੁੰਚੇ। ਜਿਸ ਤੋਂ ਬਾਅਦ ਇੱਕੋ ਰਾਤ ਵਿੱਚ 4 ਜ਼ਿਲ੍ਹਿਆਂ ਵਿੱਚ ਨਾਈਟ ਡੋਮੀਨੇਸ਼ਨ ਮੁਹਿੰਮ ਚਲਾਈ ਗਈ। ਇੱਥੇ ਉਨ੍ਹਾਂ ਨੇ ਪੁਲਿਸ ਵੱਲੋਂ ਕੀਤੀ ਗਈ ਵਿਸ਼ੇਸ਼ ਨਾਕਾਬੰਦੀ ਦੀ ਜਾਂਚ ਕੀਤੀ। ਡੀਜੀਪੀ ਦੇ ਦੌਰੇ ਦੀ ਖ਼ਬਰ ਮਿਲਦੇ ਹੀ ਪੁਲਿਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਸਮੇਤ ਸਾਰੇ ਸੀਨੀਅਰ ਅਧਿਕਾਰੀ ਸੜਕਾਂ 'ਤੇ ਉਤਰ ਆਏ। ਡੀਜੀਪੀ ਗੌਰਵ ਯਾਦਵ ਨੇ ਨਾਕਾਬੰਦੀ ਚੈਕਿੰਗ ਦੇ ਪੁਲਿਸ ਕਰਮਚਾਰੀਆਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਐਸ.ਏ.ਐਸ ਨਗਰ, ਲੁਧਿਆਣਾ, ਖੰਨਾ ਅਤੇ ਫਤਿਹਗੜ੍ਹ ਸਾਹਿਬ ਜ਼ਿਲ੍ਹਿਆਂ ਦੇ ਥਾਣਿਆਂ ਅਤੇ ਨਾਕਿਆਂ 'ਤੇ ਅਚਨਚੇਤ ਚੈਕਿੰਗ ਕੀਤੀ ਗਈ। ਉਹ ਚੰਡੀਗੜ੍ਹ ਰੋਡ 'ਤੇ ਇਕ ਨਾਕੇ 'ਤੇ ਪਹੁੰਚੇ। ਉੱਥੇ ਵਾਹਨਾਂ ਦੀ ਚੈਕਿੰਗ ਵੀ ਕੀਤੀ ਜਾ ਰਹੀ ਸੀ। ਡੀਜੀਪੀ ਨੇ ਕਰਮਚਾਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਰਜਿਸਟਰਾਂ ਦੀ ਜਾਂਚ ਕੀਤੀ ਅਤੇ ਆਮ ਲੋਕਾਂ ਨਾਲ ਵੀ ਗੱਲਬਾਤ ਕੀਤੀ। ਉਨ੍ਹਾਂ ਨੇ ਪੁੱਛਿਆ ਕਿ ਕੀ ਕਿਸੇ ਨਾਲ ਕੋਈ ਉਨ੍ਹਾਂ ਨਾਲ ਦੁਰਵਿਵਹਾਰ ਤਾ ਨੀ ਕੀਤਾ ਰਿਹਾ।

# ਪੰਜਾਬ ਪੁਲਿਸ ਨੇ ਬੰਬੀਹਾ-ਕੌਸ਼ਲ ਗੈਂਗ ਦੇ ਪੰਜ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਮਿੱਥ ਕੇ ਕਤਲ ਕਰਨ ਦੀਆਂ ਤਿੰਨ ਸੰਭਾਵਿਤ ਘਟਨਾਵਾਂ ਨੂੰ ਟਾਲਿਆ; 9 ਹਥਿਆਰ ਹੋਏ ਬਰਾਮਦ

**ਚੰਡੀਗੜ੍ਹ/ਜਲੰਧਰ, (ਲੋਕ ਬਾਣੀ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਚੋਂ ਸੰਗਠਿਤ ਅਪਰਾਧਾਂ ਨੂੰ ਠੱਲ੍ਹ ਪਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਤਹਿਤ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਬੰਬੀਹਾ-ਕੌਸ਼ਲ ਗਿਰੋਹ ਦੇ ਪੰਜ ਮੁੱਖ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਮਿੱਥ ਕੇ ਕਤਲ ਦੀਆਂ ਤਿੰਨ ਸੰਭਾਵਿਤ ਘਟਨਾਵਾਂ ਨੂੰ ਨਾਕਾਮ ਕਰ ਦਿੱਤਾ।

ਇਹ ਜਾਣਕਾਰੀ ਦਿੰਦਿਆਂ ਡੀ.ਜੀ.ਪੀ. ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਲੰਧਰ ਦੇ ਪਿੰਡ ਬੋਪਾਰਾਏ ਕਲਾਂ ਦੇ ਜਸਪ੍ਰੀਤ ਸਿੰਘ ਉਰਫ ਜੱਸਾ, ਹੁਸ਼ਿਆਰਪੁਰ ਦੇ ਪਿੰਡ ਗਰਾਜ ਮਹਿਦੂਦ ਦੇ ਹਰਸ਼ਦੀਪ ਸਿੰਘ, ਤਰਨਤਾਰਨ ਦੇ ਪਿੰਡ ਮੁਰਾਦਪੁਰ ਦੇ ਸ਼ੇਖਰ, ਨਿਊ ਮਾਡਲ ਹਾਊਸ ,ਜਲੰਧਰ ਦੇ ਗਗਨਦੀਪ ਸਿੰਘ ਉਰਫ ਗਿੰਨੀ ਬਾਜਵਾ ਅਤੇ ਜਲੰਧਰ ਦੇ ਪਿੰਡ ਬੰਬੀਆਂ ਵਾਲ ਦੇ ਅਮਿਤ ਸਹੋਤਾ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ ਕੁੱਲ 9 ਹਥਿਆਰ ਜਿਨ੍ਹਾਂ ਵਿੱਚ ਅੱਠ ਪਿਸਤੌਲਾਂ ਅਤੇ ਇੱਕ ਰਿਵਾਲਵਰ ਸ਼ਾਮਲ ਹੈ, ਸਮੇਤ 15 ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ




ਪੰਜਾਬ ਦੇ ਕਈ ਜ਼ਿਲਿ੍ਹਆਂ ਵਿੱਚ ਫਿਰੌਤੀ, ਕਤਲ ਅਤੇ ਹਥਿਆਰਾਂ ਦੀ ਤਸਕਰੀ ਸਮੇਤ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਖ਼ਿਲਾਫ਼ ਪਹਿਲਾਂ ਵੀ ਕਈ ਕੇਸ ਦਰਜ ਹਨ।

ਹੋਰ ਜਾਂਚ ਜਾਰੀ ਹੈ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਜਲੰਧਰ ਸਵਪਨ ਸ਼ਰਮਾ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪੁਖ਼ਤਾ ਇਤਲਾਹ ਮਿਲੀ ਸੀ ਕਿ ਡੀਜੀਪੀ ਨੇ ਦੱਸਿਆ ਕਿ ਗਿਰੋਹ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਉਨ੍ਹਾਂ ਦੇ ਵਿਆਪਕ ਨੈਟਵਰਕ ਦਾ ਪਰਦਾਫਾਸ਼ ਕਰਨ ਅਤੇ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ

ਬੰਬੀਹਾ-ਕੌਸ਼ਲ ਗਿਰੋਹ ਦੇ ਮੈਂਬਰਾਂ ਵੱਲੋਂ ਸੂਬੇ ਵਿੱਚ ਵੱਡੀ ਅਪਰਾਧਿਕ ਗਤੀਵਿਧੀ ਸਬੰਧੀ ਯੋਜਨਾ ਬਣਾਈ ਜਾ ਰਹੀ ਹੈ, ਇਸ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਬੀ.ਐਸ.ਐਫ. ਚੌਕ ਵਿੱਚ ਨਾਕਾ ਲਗਾਇਆ ਅਤੇ ਤਿੰਨ ਮੁਲਜ਼ਮਾਂ - ਜਸਪ੍ਰੀਤ ਜੱਸਾ, ਹਰਸ਼ਦੀਪ ਅਤੇ ਸ਼ੇਖਰ ਨੂੰ 6 ਹਥਿਆਰਾਂ ਸਮੇਤ ਗ੍ਰਿਫਤਾਰ ਕਰ ਲਿਆ।

ਉਨ੍ਹਾਂ ਦੱਸਿਆ ਕਿ ਬਾਅਦ ਵਿੱਚ ਇਸ ਗਿਰੋਹ ਦੇ ਦੋ ਹੋਰ ਮੈਂਬਰ ਗਗਨਦੀਪ ਗਿੰਨੀ ਅਤੇ ਅਮਿਤ ਸਹੋਤਾ ਨੂੰ ਵੀ ਤਿੰਨ ਹਥਿਆਰਾਂ ਸਮੇਤ ਭਾਰਗੋ ਕੈਂਪ ਨੇੜਲੇ ਨਾਕੇ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ । ਉਨ੍ਹਾਂ ਕਿਹਾ ਕਿ ਹੋਰ ਪੁੱਛਗਿੱਛ ਜਾਰੀ ਹੈ ਅਤੇ ਹੋਰ ਗ੍ਰਿਫਤਾਰੀਆਂ ਹੋਣ ਦੀ ਆਸ ਹੈ।

ਇਸ ਸਬੰਧੀ 2 ਕੇਸ-- ਐਫ.ਆਈ.ਆਰ. ਨੰਬਰ 253 ਅਸਲਾ ਐਕਟ ਦੀ ਧਾਰਾ 25 ਤਹਿਤ ਥਾਣਾ ਨਵੀਂ ਬਾਰਾਦਰੀ, ਜਲੰਧਰ ਅਤੇ ਐਫ.ਆਈ.ਆਰ. ਨੰਬਰ 100 ਅਸਲਾ ਐਕਟ ਦੀ ਧਾਰਾ 25 ਅਧੀਨ ਥਾਣਾ ਭਾਰਗੋ ਕੈਂਪ, ਜਲੰਧਰ ਵਿਖੇ ਦਰਜ ਕੀਤੇ ਗਏ ਹਨ।

# ਫਰੀਦਕੋਟ ਦੇ ਗੁਰਪ੍ਰੀਤ ਕਤਲ ਕਾਂਡ ਮਾਮਲੇ 'ਚ ਪੁਲਿਸ ਨੇ ਦੋ ਸ਼ੱਕੀ ਸ਼ੂਟਰਾਂ ਦੇ ਸਕੈਚ ਕੀਤੇ ਜਾਰੀ, ਜਾਣਕਾਰੀ ਦੇਣ ਲਈ ਨੰਬਰ ਵੀ ਕੀਤੇ ਜਾਰੀ



WANTED





**ਫਰੀਦਕੋਟ, (ਲੋਕ ਬਾਣੀ):** ਪੰਜਾਬ ਦੇ ਫਰੀਦਕੋਟ ਵਿੱਚ 9 ਅਕਤੂਬਰ ਨੂੰ ਗੁਰਪ੍ਰੀਤ ਸਿੰਘ ਦੇ ਕਤਲ ਦੇ ਮਾਮਲੇ ਵਿੱਚ ਪੁਲਿਸ ਨੇ ਹੁਣ ਦੋ ਸ਼ੱਕੀ ਸ਼ੂਟਰਾਂ ਦੇ ਸਕੈਚ ਜਾਰੀ ਕੀਤੇ ਹਨ। ਪੁਲਿਸ ਇਸ ਮਾਮਲੇ ਵਿੱਚ ਹੁਣ ਤੱਕ ਤਿੰਨ ਲੋਕਾਂ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ। ਜਦੋਂਕਿ ਵਿਦੇਸ਼ ਬੈਠੇ ਗੈਂਗਸਟਰ ਅਰਸ਼ਦੀਪ ਸਿੰਘ ਡੱਲਾ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਲਾਲ ਸਿੰਘ ਸਮੇਤ ਛੇ ਵਿਅਕਤੀਆਂ ਨੂੰ ਕਤਲ ਕੇਸ ਵਿੱਚ ਨਾਮਜ਼ਦ ਕੀਤਾ ਗਿਆ ਹੈ।

ਫੜੇ ਗਏ ਤਿੰਨੋਂ ਮੁਲਜ਼ਮ ਰਿਮਾਂਡ 'ਤੇ ਹਨ। ਮੁਲਜ਼ਮ ਦਾ ਮੋਟਰਸਾਈਕਲ ਜੈਤੋ ਤੋਂ ਬਰਾਮਦ ਹੋਇਆ ਹੈ। ਪੁਲਿਸ ਨੇ ਮੁਲਜ਼ਮਾਂ ਦੀ ਜਾਣਕਾਰੀ ਦੇਣ ਲਈ ਲੋਕ ਐਸਐਸਪੀ ਦੇ ਮੋਬਾਈਲ ਨੰਬਰ 9815800445, ਕੋਟਕਪੂਰਾ ਦੇ ਸਦਰ ਥਾਣੇ ਦੇ ਐਸਐਚਓ ਨੂੰ 94176 46822 ਅਤੇ ਥਾਣਾ ਕੋਟਕਪੂਰਾ ਦੇ ਮੁਨਸ਼ੀ ਨੂੰ 75270 17035 'ਤੇ ਸੂਚਨਾ ਦੇ ਸਕਦੇ ਹਨ।

# ਪੰਜਾਬ ਵਿੱਚ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਪਿਤਾ,ਪੁੱਤਰ ਨੂੰ ਗੋਲੀਆਂ ਮਾਰ ਕੀਤਾ ਗਿਆ ਕਤਲ

**ਜਲੰਧਰ, ਲੋਕ ਬਾਣੀ** - ਪੰਜਾਬ ਵਿੱਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਹੈ ਰੋਜ਼ ਗੋਲੀਆਂ ਗੈਂਗਵਾਰ ਫਿਰੋਤੀ ਨਸ਼ਾ ਭ੍ਰਿਸ਼ਟਾਚਾਰ ਤੇ ਕਤਲ ਆਮ ਹੋ ਗਏ ਹਨ ਪੁਲਿਸ ਪ੍ਰਸ਼ਾਸਨ ਦਾ ਤਾਂ ਕੀ ਕਹਿਣਾ ਝੂਠੇ ਪਰਚੇ ਦੇਣ ਚ ਨੰ ਇਕ ਹੋ ਗਈ ਹੈ ਜਲੰਧਰ ਸ਼ਹਿਰ ਚ ਤਾ ਪ੍ਰਸ਼ਾਸਨ ਖ਼ਿਲਾਫ਼ ਸਰਦਾਰ ਭਗਤ ਸਿੰਘ ਦੇ ਚੋਕ ਵਿਚ ਸਮਾਜ ਸੇਵੀ ਸੰਸਥਾ ਦੇ ਮੁਖੀ ਨੂੰ ਧਰਨੇ ਤੇ ਬੈਠਣਾ ਪਿਆ ਹੈ ਤਾਜ਼ਾ ਮਾਮਲਾ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੈਂਦੇ ਚੱਕੋਵਾਲ ਬ੍ਰਾਮਣਾ, ਦਾ ਸਾਹਮਣੇ ਆਇਆ ਹੈ



ਜਿਥੇ ਮੋਟਰਸਾਈਕਲ ਸਵਾਰ ਵਿਅਕਤੀਆਂ ਵਲੋਂ ਗੋਲੀਆਂ ਮਾਰ ਕੇ ਪਿਓ ਤੇ ਪੁੱਤ ਦੀ ਹੱਤਿਆ ਕਰ ਦਿੱਤੀ ਗਈ ਹੈ ਸੂਤਰਾਂ ਮੁਤਾਬਕ ਕਸ਼ਮੀਰੀ ਲਾਲ ਵਾਸੀ ਤਲਵੰਡੀ ਅਰਾਈਆਂ ਆਪਣੇ ਪਰਿਵਾਰ ਨਾਲ ਆਪਣੇ ਨਵਜੰਮੇ ਪੋਤਰੇ ਨੂੰ ਦੇਖਣ ਲਈ ਚੱਕੋਵਾਲ ਹਸਪਤਾਲ ਨੂੰ ਜਾ ਰਿਹਾ ਸੀ। ਰਸਤੇ ਵਿਚ ਮੋਟਰਸਾਈਕਲਾਂ ਉਤੇ ਆਏ ਵਿਅਕਤੀਆਂ ਨੇ ਉਨ੍ਹਾਂ ਉਤੇ ਹਮਲਾ ਕਰ ਦਿੱਤਾ, ਜਿਸ ਦੌਰਾਨ ਕਸ਼ਮੀਰੀ ਲਾਲ ਤੇ ਉਸ ਦੇ ਪੁੱਤਰ ਅਮਰਜੀਤ ਲਾਲ ਦੀ ਮੌਤ ਹੋ ਗਈ। ਤੇ ਦੋਵੇਂ ਮ੍ਰਿਤਕਾਂ ਨੂੰ ਉਨ੍ਹਾਂ ਦੇ ਪਰਿਵਾਰ ਮੈਂਬਰਾਂ ਜਲੰਧਰ ਦੇ ਜੋਹਰ ਹਸਪਤਾਲ ਲੈ ਕੇ ਆਏ ਜਿਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਕਰ ਦਿੱਤਾ ਪੁਲਿਸ ਥਾਣਾ ਬੁਲੋਵਾਲ ਦੀ ਪੁਲਿਸ ਮੌਕੇ ਉਤੇ ਪਹੁੰਚੀ ਹੈ ਮਾਮਲੇ ਦੀ ਜਾਂਚ ਕਰ ਰਹੀ ਹੈ ਪੰਜਾਬ ਵਿੱਚ ਬਿਹਾਰ ਵਾਲਾ ਮਾਹੌਲ ਆਖਰ ਕਿਉਂ ਬਣ ਰਿਹਾ ਹੈ ਕਿ ਇਹੋ ਹੈ ਬਦਲਾਅ

# ਮੋਹਾਲੀ ’ਚ GST ਵਿਭਾਗ ਦੀ ਛਾਪੇਮਾਰੀ: ਪਟਿਆਲਾ ਅਤੇ ਲੁਧਿਆਣਾ ਦੀਆਂ ਮਿਠਾਈਆਂ ਦੀਆਂ ਦੁਕਾਨਾਂ ’ਤੇ ਵੀ ਜਾਂਚ

**ਐਸ.ਏ.ਐਸ.ਨਗਰ, ( ਲੋਕ ਬਾਣੀ)** 25 ਸਾਲ ਤੋਂ ਘੱਟ ਉਮਰ ਦੇ ਲੋਕਾਂ ਨੂੰ ਸ਼ਰਾਬ ਪਰੋਸਣ ਤੋਂ ਰੋਕਣ ਲਈ ਆਬਕਾਰੀ ਵਿਭਾਗ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਮੋਹਾਲੀ ਨੇ ਇੱਕ ਵਿਆਪਕ ਅਭਿਆਨ ਚਲਾਇਆ, ਜਿਸ ਵਿੱਚ ਬੀਤੀ ਰਾਤ ਮੋਹਾਲੀ ਜ਼ਿਲ੍ਹੇ ਦੇ ਕਈ ਬਾਰਾਂ/ਕਲੱਬਾਂ ਦੀ ਚੈਕਿੰਗ ਕੀਤੀ ਗਈ। ਇਸ ਮੰਤਵ ਲਈ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ, ਜਿਨ੍ਹਾਂ ਨੇ ਮੋਹਾਲੀ ਅਤੇ ਜ਼ੀਰਕਪੁਰ ਦੇ ਕਈ ਬਾਰਾਂ ਅਤੇ ਕਲੱਬਾਂ ’ਤੇ ਛਾਪੇਮਾਰੀ ਕੀਤੀ। ਇਸ ਦੇ ਨਤੀਜੇ ਵਜੋਂ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਤਿੰਨ ਬਾਰਾਂ/ਕਲੱਬਾਂ ਦੇ ਚਲਾਨ ਕੀਤੇ ਗਏ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਆਬਕਾਰੀ) ਅਸ਼ੋਕ ਚਲੋਤਰਾ ਨੇ ਦੱਸਿਆ ਕਿ ਵਧੀਕ ਮੁੱਖ ਸਕੱਤਰ ਆਬਕਾਰੀ, ਪੰਜਾਬ ਵਿਕਾਸ ਪ੍ਰਤਾਪ ਅਤੇ ਆਬਕਾਰੀ ਕਮਿਸ਼ਨਰ ਵਰੁਣ ਰੂਜ਼ਮ ਵੱਲੋਂ ਜਾਰੀ ਕੀਤੇ ਗਏ ਸਖ਼ਤ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਮੁਹਾਲੀ ਜ਼ਿਲ੍ਹੇ ਵਿੱਚ 25 ਸਾਲ ਤੋਂ ਘੱਟ ਉਮਰ ਵਰਗ ਨੂੰ ਸ਼ਰਾਬ ਨਾ ਦੇਣ ਦੇ ਹੁਕਮਾਂ ਨੂੰ ਯਕੀਨੀ ਬਣਾਉਣ ਪਿਛਲੇ ਦੋ ਦਿਨਾਂ ਤੋਂ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਆਬਕਾਰੀ ਐਕਟ 1914 ਦੇ ਹੁਕਮ 17(8) ਅਤੇ ਅਧੀਨ ਧਾਰਾ 29 ਅਧੀਨ ਪੰਜਾਬ ਇਨਟੌਕਸਿਕੈਂਟ ਲਾਇਸੈਂਸ ਐਂਡ ਸੇਲ ਆਰਡਰ, 1956 ਦੇ ਉਪਬੰਧਾਂ ਅਨੁਸਾਰ, 25 ਸਾਲ ਤੋਂ ਘੱਟ ਉਮਰ ਦੇ ਵਿਅਕਤੀਆਂ ਨੂੰ ਸ਼ਰਾਬ ਦੀ ਵਿਕਰੀ ਅਤੇ ਪਰੋਸਣਾ ਇੱਕ ਸਜ਼ਾਯੋਗ ਅਪਰਾਧ ਹੈ। ਉਨ੍ਹਾਂ ਇਸ ਗੱਲ ’ਤੇ ਵੀ ਜ਼ੋਰ ਦਿੱਤਾ ਕਿ ਨਿਯਮਾਂ ਦੀ ਪਾਲਣਾ ਤੋਂ ਇਲਾਵਾ ਇਹ ਸਾਡੀ ਸਾਰਿਆਂ ਦੀ ਨੈਤਿਕ ਅਤੇ ਸਮਾਜਿਕ ਜ਼ਿੰਮੇਵਾਰੀ ਵੀ ਬਣਦੀ ਹੈ ਕਿ ਘੱਟ ਉਮਰ ਵਰਗ ਦੇ ਸ਼ਰਾਬ ਪੀਣ ਦੇ ਰੁਝਾਨ ਨੂੰ ਕਾਬੂ ਕੀਤਾ ਜਾਵੇ।

ਬੀਤੀ ਰਾਤ ਦੀ ਕਾਰਵਾਈ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਆਬਕਾਰੀ ਵਿਭਾਗ ਦੇ ਇੰਸਪੈਕਟਰ ਗੁਰਿੰਦਰਪਾਲ, ਵਿਕਾਸ ਭਟੇਜਾ ਅਤੇ ਗੁਰਪ੍ਰੀਤ




ਸਿੰਘ ਦੀ ਅਗਵਾਈ ਹੇਠ ਆਬਕਾਰੀ ਵਿਭਾਗ ਦੀ ਟੀਮ ਨੇ ਮੁਹਾਲੀ ਸ਼ਹਿਰ ਅਤੇ ਜ਼ੀਰਕਪੁਰ ਖੇਤਰ ਵਿੱਚ ਕਲੱਬਾਂ ਅਤੇ ਬਾਰਾਂ ਵਿੱਚ ਛਾਪੇਮਾਰੀ ਕੀਤੀ। ਮੋਹਾਲੀ ਦੇ ਸੈਕਟਰ-79 ਵਿਖੇ ਛਾਪੇਮਾਰੀ ਦੌਰਾਨ ਸੈਕਟਰ 79, ਮੋਹਾਲੀ ਦੇ 02 ਬਾਰਾਂ ਜਿਵੇਂ ਕਿ ਸਵਾਗਤ ਰੈਸਤਰੋ ਬਾਰ ਅਤੇ ਕਟਾਣੀ ਰੈਸਟੋਰੈਂਟ ਐਂਡ ਬਾਰ ਅਤੇ ਜ਼ੀਰਕਪੁਰ ਵਿੱਚ ਇੱਕ ਬਾਰ ਡੇਲੀਸ਼ੀਅਸ ਫੂਡ (ਰੋਮੀਓ-ਲੇਨ) ਨੂੰ 25 ਸਾਲ ਤੋਂ ਘੱਟ ਉਮਰ ਵਰਗ ਨੂੰ ਸ਼ਰਾਬ ਪਰੋਸਦੇ ਵਾਲੇ ਪਾਇਆ ਗਿਆ। ਇਕ ਬਾਰ ’ਤੇ ਸ਼ਰਾਬ ਪਰੋਸਣ ਲਈ 25 ਸਾਲ ਤੋਂ ਘੱਟ ਉਮਰ ਦੇ ਵੇਟਰਾਂ ਨੂੰ ਤਾਇਨਾਤ ਕਰਨ ਦਾ ਵੀ ਦੋਸ਼ ਪਾਇਅ ਗਿਆ ਹੈ। ਇਸ ਲਈ ਇਨ੍ਹਾਂ ਬਾਰਾਂ ਦੇ ਪੰਜਾਬ ਆਬਕਾਰੀ ਐਕਟ ਦੇ ਆਰਡਰ 17(8) ਅਤੇ ਅਧੀਨ ਧਾਰਾ 29 ਅਧੀਨ ਪੰਜਾਬ ਇਨਟੌਕਸਿਕੈਂਟ ਲਾਇਸੈਂਸ ਅਤੇ ਸੇਲ ਆਰਡਰ, 1956 ਤਹਿਤ ਚਲਾਨ ਕੀਤੇ ਗਏ ਹਨ ਅਤੇ ਇਨ੍ਹਾਂ ਦੇ ਕੇਸ ਕੁਲੈਕਟਰ-ਕਮ-ਡਿਪਟੀ ਕਮਿਸ਼ਨਰ (ਆਬਕਾਰੀ), ਪਟਿਆਲਾ ਨੂੰ ਬਣਦੀ ਦੰਡਕਾਰੀ ਕਾਰਵਾਈ ਲਈ ਭੇਜ ਦਿੱਤੇ ਗਏ ਹਨ।

ਏ.ਈ.ਟੀ.ਸੀ ਅਸ਼ੋਕ ਕਲੋਤਰਾ ਨੇ ਦੱਸਿਆ ਕਿ ਆਬਕਾਰੀ ਵਿਭਾਗ ਵੱਲੋਂ ਘੱਟ ਉਮਰ ਵਰਗ ਦੇ ਸ਼ਰਾਬ ਪੀਣ ਦੇ ਰੁਝਾਨ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ ਅਤੇ ਪਿਛਲੇ ਕੁਝ ਹਫ਼ਤਿਆਂ ਦੌਰਾਨ 25 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਨੂੰ ਸ਼ਰਾਬ ਪਿਲਾ ਕੇ ਆਬਕਾਰੀ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਜ਼ਿਲ੍ਹਾ ਮੁਹਾਲੀ ਵਿੱਚ 09 ਕਲੱਬਾਂ/ਬਾਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ ਹੈ। ਇਨ੍ਹਾਂ ਉਲੰਘਣਾ ਕਰਨ ਵਾਲਿਆਂ ’ਤੇ ਸਖ਼ਤ ਕਾਰਵਾਈ ਕਰਦਿਆਂ ਤਿੰਨ ਬਾਰਾਂ ਦੇ ਲਾਇਸੈਂਸ ਵੀ ਸੱਤ ਦਿਨਾਂ ਲਈ ਮੁਅੱਤਲ ਕਰ ਦਿੱਤੇ ਗਏ ਅਤੇ ਬਾਕੀ ਬਾਰਾਂ ਨੂੰ 1.35 ਲੱਖ ਰੁਪਏ ਜੁਰਮਾਨਾ ਕੀਤਾ ਗਿਆ ਹੈ।

ਸ਼੍ਰੀ ਅਸ਼ੋਕ ਕਲਹੋਤਰਾ ਨੇ ਸਾਰੇ ਸ਼ਰਾਬ-ਠੇਕੇਦਾਰਾਂ ਅਤੇ ਬਾਰ ਲਾਇਸੰਸ ਧਾਰਕਾਂ ਨੂੰ 25 ਸਾਲ ਤੋਂ ਘੱਟ ਉਮਰ ਦੇ ਨੌਜਵਾਨਾਂ ਨੂੰ ਸ਼ਰਾਬ ਵੇਚਣ ਜਾਂ ਪਰੋਸਣ ਵਿਰੁੱਧ ਚੇਤਾਵਨੀ ਦਿੰਦਿਆਂ ਸਪੱਸ਼ਟ ਤੌਰ ’ਤੇ ਕਿਹਾ ਕਿ ਜੇਕਰ ਕੋਈ ਵੀ ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਅਤੇ ਰਾਜ ਦੇ ਮਾਲੀਏ ਨੂੰ ਨੁਕਸਾਨ ਪਹੁੰਚਾਉਂਦਾ ਪਾਇਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ 22 ਅਕਤੂਬਰ

**ਚੰਡੀਗੜ੍ਹ, ( ਲੋਕ ਬਾਣੀ)** ਸ਼੍ਰੋਮਣੀ ਅਕਾਲੀ ਦਲ ਨੇ ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ 22 ਅਕਤੂਬਰ ਦਿਨ ਮੰਗਲਵਾਰ ਨੂੰ ਪਾਰਟੀ ਦੇ ਮੁੱਖ ਦਫਤਰ ਚੰਡੀਗੜ੍ਹ ਵਿਖੇ ਦੁਪਹਿਰ 12 ਵਜੇ ਬੁਲਾਈ ਹੈ। ਮੀਟਿੰਗ ਵਿੱਚ ਆਉਣ ਵਾਲੀਆਂ ਚਾਰ ਜ਼ਿਮਨੀ ਚੋਣਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਜਾਵੇਗੀ। ਸ਼੍ਰੋਮਣੀ ਅਕਾਲੀ ਦਲ 28 ਅਕਤੂਬਰ ਨੂੰ ਹੋਣ ਵਾਲੀ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਦੀ ਸਾਲਾਨਾ ਚੋਣ ਬਾਰੇ ਵੀ ਆਪਣੀ ਰਣਨੀਤੀ ਨੂੰ ਅੰਤਿਮ ਰੂਪ ਦੇਵੇਗਾ।

ਇਸ ਤੋਂ ਇਲਾਵਾ ਪਾਰਟੀ ਸੂਬੇ ਵਿੱਚ ਝੋਨੇ ਦੀ ਖਰੀਦ ਦੇ ਵੱਡੇ ਸੰਕਟ ਦਾ ਵੀ ਜਾਇਜ਼ਾ ਲਵੇਗੀ। ਨਾ ਤਾਂ ਝੋਨਾ ਖਰੀਦਿਆ ਜਾ ਰਿਹਾ ਹੈ ਅਤੇ ਨਾ ਹੀ ਮੰਡੀਆਂ ਵਿੱਚੋਂ ਲਿਫਟਿੰਗ ਹੋ ਰਹੀ ਹੈ। ਕਿਸਾਨ ਹੁਣ ਤੱਕ ਦੇ ਸਭ ਤੋਂ ਭੈੜੇ ਸੰਕਟ ਦਾ ਸਾਹਮਣਾ ਕਰ ਰਹੇ ਹਨ। ਇਸ ਤੋਂ ਇਲਾਵਾ ਮੀਟਿੰਗ ’ਚ ਮੌਜੂਦਾ ਸਿਆਸੀ ਸਥਿਤੀ ’ਤੇ ਚਰਚਾ ਕੀਤੀ ਜਾਵੇਗੀ। ਜਿਸ ਦੀ ਪ੍ਰਧਾਨਗੀ ਕਾਰਜਕਾਰੀ ਪ੍ਰਧਾਨ ਸ. ਬਲਵਿੰਦਰ ਸਿੰਘ ਜੀ ਭੂੰਦੜ ਕਰਨਗੇ।

## ਬੰਬੀਹਾ-ਕੌਸ਼ਲ ਗੈਂਗ ਦੇ 5 ਮੁੱਖ ਮੈਂਬਰ ਗ੍ਰਿਫਤਾਰ, 9 ਹਥਿਆਰ ਬਰਾਮਦ



**ਜਲੰਧਰ , (ਲੋਕ ਬਾਣੀ)** ਪੁਲਿਸ ਨੇ ਸੰਗਠਿਤ ਅਪਰਾਧਾਂ ‘ਤੇ ਕੀਤੀ ਕਾਰਵਾਈ- 3 ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ ਜੋਂ ਦੋਸ਼ੀਆਂ ਦੀ ਗ੍ਰਿਫਤਾਰੀ ਨਾਲ ਟਲ ਗਿਆ। 8 ਪਿਸਤੌਲ, 1 ਰਿਵਾਲਵਰ ਅਤੇ 15 ਕਾਰਤੂਸ ਬਰਾਮਦ, ਜੋ ਕਿ ਮੱਧ ਪ੍ਰਦੇਸ਼ ਦੇ ਸਨ। ਜਬਰਨ ਵਸੂਲੀ, ਕਤਲ, ਹਥਿਆਰਾਂ ਦੀ ਸਪਲਾਈ ਵਰਗੇ ਸੰਗਠਿਤ ਅਪਰਾਧ ਵਿੱਚ ਸ਼ਾਮਲ ਸ਼ੱਕੀ। ਉਨ੍ਹਾਂ ਖਿਲਾਫ ਪਹਿਲਾਂ ਤੋਂ ਹੀ ਕਈ ਅਪਰਾਧਿਕ ਮਾਮਲੇ ਲੰਬਿਤ ਹਨ।

## ਖਰੜ-ਲੁਧਿਆਣਾ ਹਾਈਵੇਅ ਜਾਮ ਕਰਕੇ ਕਿਸਾਨਾਂ ਅਤੇ ਆੜ੍ਹਤੀਆਂ ਵਲੋਂ ਮੰਡੀ ਵਿਚ ਬਾਰਦਾਨਾਂ ਪੰਜਾਬ ਤੇ ਕੇਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ

**ਖਰੜ, ( ਕਾਲਾ ਸਿੰਘ ਸੈਣੀ ):-** ਸਬ ਯਾਰਡ ਮੰਡੀ ਰੁੜਕੀ ਪੁਖਤਾ ਵਿਚ ਪਿਛਲੇ ਕਈ ਦਿਨਾਂ ਤੋਂ ਬਾਰਦਾਨਾਂ ਨਾ ਆਉਣ ਕਾਰਨ, ਖਰੀਦ ਕੀਤੇ ਗਏ ਝੋਨੇ ਦੀ ਲਿਫਟਿੰਗ ਨਾ ਹੋਣ ਕਾਰਨ ਦੇ ਰੋਸ ਵਜੋਂ ਕਿਸਾਨਾਂ, ਆੜ੍ਹਤੀਆਂ ਵਲੋਂ ਖਰੜ-ਲੁਧਿਆਣਾ ਹਾਈਵੇਅ ਜਾਮ ਕਰਦੇ ਹੋਏ ਰੋਸ ਧਰਨਾ ਦੇ ਦਿੱਤਾ ਅਤੇ ਪੰਜਾਬ ਸਰਕਾਰ ਤੇ ਕੇਦਰ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਕੀਤੀ। ਸੂਚਨਾ ਮਿਲਦੇ ਸਾਰ ਹੀ ਪੁਲਿਸ ਥਾਣਾ ਘੜੂੰਆਂ ਦੇ ਐਸ.ਐਚ.ਓ. ਸਮੇਤ ਪੁਲਿਸ ਕਰਮਚਾਰੀ ਮੌਕੇ ਤੇ ਪੁੱਜ ਗਏ ਅਤੇ ਉਚ ਅਧਿਕਾਰੀਆ ਦੇ ਧਿਆਨ ਵਿਚ ਲਿਆਦਾ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੀਨੀਅਰ ਆਗੂ ਜਸਪਾਲ ਸਿੰਘ ਨਿਆਮੀਆਂ, ਆੜ੍ਹਤੀ ਐਸੋਸੀਏਸ਼ਨ ਖਰੜ ਦੇ ਪ੍ਰਧਾਨ ਨਰਿੰਦਰ ਸ਼ਰਮਾ, ਅਮਨਦੀਪ ਗਰਗ ਸਮੇਤ ਹੋਰਨਾਂ ਨੇ ਕਿਹਾ ਕਿ ਕੱਲ ਤੋਂ ਰੁੜਕੀ ਪੁਖਤਾ ਸਬ ਯਾਰਡ ਮੰਡੀ ਵਿਚ ਝੋਨੇ ਦੀ ਭਰਾਈ ਸਬੰਧੀ ਸਰਕਾਰੀ ਖਰੀਦ ਏਜੰਸੀ ਪਾਸ ਬਾਰਦਾਨਾ ਨਹੀ ਹੈ, ਕਿਸਾਨ ਅਤੇ ਆੜ੍ਹਤੀ ਮੰਡੀ ਵਿਚ ਰੁਲ ਰਿਹਾ ਹੈ, ਉਨ੍ਹਾਂ ਕਿਹਾ ਕਿ ਜਦੋਂ ਸਰਕਾਰੀ ਖਰੀਦ ਏਜੰਸੀ ਪਨਸਪ ਅਤੇ ਲਿਫਟਿੰਗ ਲਈ ਸੈਲਰ ਦੀ ਅਲਾਟਮੈਂਟ ਪਹਿਲਾਂ ਹੋ ਚੁੱਕੀ ਹੈ ਤਾਂ ਮੰਡੀ ਵਿਚ ਬਾਰਦਾਨਾਂ ਕਿਉਂ ਨਹੀ ਆ ਰਿਹਾ ਅਤੇ ਲਿਫਟਿੰਗ ਕਿਉ ਨਹੀ




ਕੀਤੀ ਜਾ ਰਹੀ ਹੈ, ਮੰਡੀ ਵਿਚ ਪੈਰ ਰੱਖਣ ਲਈ ਜਗ੍ਹਾਂ ਨਹੀ ਹੈ ਜਿਸ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਹਾਈਵੇਅ ਜਾਮ ਕਰਨਾ ਪਿਆ। ਕਿਸਾਨਾਂ ਤੇ ਆੜ੍ਹਤੀਆਂ ਨੇ ਕਿਹਾ ਕਿ ਪਨਸਪ ਕੋਲ ਬਾਰਦਾਨੇ ਦੀਆਂ ਗੱਠਾਂ ਪਈਆਂ ਹਨ। ਖਰੜ ਪ੍ਰਸ਼ਾਸ਼ਨ ਵਲੋਂ ਤਹਿਸੀਲਦਾਰ ਖਰੜ ਨਵਪ੍ਰੀਤ ਸਿੰਘ ਸ਼ੇਰਗਿੱਲ ਨੇ ਮੌਕੇ ਤੇ ਪ ਆੜ੍ਹਤੀ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਧਰਨਾ ਸਮਾਪਤ ਕਰਕੇ ਆਵਾਜ਼ਾਈ ਖੋਲਣ ਲਈ ਕਿਹਾ ਤਾਂ ਉਨ੍ਹਾਂ ਕਿਹਾ ਕਿ ਪਹਿਲਾਂ ਮੰਡੀ ਵਿਚ ਬਾਰਦਾਨੇ ਦਾ ਪ੍ਰਬੰਧ ਕੀਤਾ ਜਾਵੇ। ਆਖਰਕਾਰ ਦੋ ਘੰਟੇ ਤੋਂ ਬਾਅਦ ਪ੍ਰਸ਼ਾਸ਼ਨ ਵਲੋਂ ਭਰੋਸਾ ਦਿੱਤਾ ਗਿਆ ਕਿ ਅੱਜ ਰਾਤ ਜਾਂ ਸਵੇਰੇ ਤੱਕ ਮੰਡੀ ਵਿਚ ਬਾਰਦਾਨਾ ਆ ਜਾਵੇਗਾ। ਭਾਵੇ ਕਿਸਾਨਾਂ ਅਤੇ ਆੜ੍ਹਤੀਆਂ ਵਲੋਂ ਧਰਨਾ ਸਮਾਪਤ ਕਰਦੇ ਹੋਏ ਜਾਮ ਖੋਲ ਦਿੱਤਾ ਗਿਆ ਸੀ ਪਰ ਉਨ੍ਹਾਂ ਇਹ ਵੀ ਚਿਤਾਵਨੀ ਦਿੱਤੀ ਜੇਕਰ ਸਵੇਰੇ 8 ਵਜੇ ਤੱਕ ਬਾਰਦਾਨਾ ਨਾ ਆਇਆ ਤਾਂ ਸਵੇਰੇ 10 ਵਜੇ ਖਰੜ-ਲੁਧਿਆਣਾ ਹਾਈਵੇ ਤੇ ਧਰਨਾ ਦੇ ਕੇ ਜਾਮ ਕੀਤਾ ਜਾਵੇਗਾ। ਇਸ ਮੋਕੇ ਹਕਕੀਤ ਸਿੰਘ ਘੜੂੰਆਂ, ਅਮਰਜੀਤ ਸਿੰਘ ਸਾਬਕਾ ਸਰਪੰਚ ਰੁੜਕੀ ਪੁਖਤਾ, ਜਸਵੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਕਿਸਾਨ ਅਤੇ ਆੜ੍ਹਤੀ ਹਾਜ਼ਰ ਸਨ। ਧਰਨੇ ਦੌਰਾਨ ਕਿਸਾਨਾਂ ਨੇ ਕਿਹਾ ਕਿ ਪਿਛਲੇ ਦਿਨੀ ਜਦੋਂ ਜਿਲ੍ਹਾ ਮੁਹਾਲੀ ਦੀ ਡਿਪਟੀ ਕਮਿਸ਼ਨਰ ਅਤੇ ਹੋਰ ਅਧਿਕਾਰੀ ਪਿੰਡਾਂ ਵਿਚ ਕਿਸਾਨਾਂ ਨਾਲ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਮੀਟਿੰਗ ਕਰਨ ਲਈ ਆਏ ਸੀ ਉਸ ਸਮੇਂ ਕਥਿਤ ਤੌਰ ਤੇ ਧਮਕਾ ਕੇ ਗਏ ਸਨ ਕਿ ਜੇਕਰ ਪਰਾਲੀ ਨੂੰ ਅੱਗ ਲਗਾਈ ਤਾਂ ਲਾਲ ਲਕੀਰ ਲਗਾ ਦਿਆਂਗੇ। ਪਹਿਲਾਂ ਲਾਲ ਲਕੀਰ ਹੀ ਲਗਾ ਲਓ। ਪਿੰਡਾਂ ਵਿਚ ਜੋ ਸਰਕਾਰ ਨੇ ਸੁਪਰਵਾਈਰ ਲਗਾਏ ਹੋਏ ਹਨ ਉਹ ਕੱਲ ਤੋਂ ਫੋਨ ਹੀ ਨਹੀ ਚੁੱਕ ਰਹੇ। ਅਸੀ ਖੇਤਾਂ ਵਿਚ ਆਪ ਖੁਦ ਪਰਾਲੀ ਚੁਕਾ ਰਹੇ ਹਨ।

## ਕਰਮਜੀਤ ਕੌਰ ਬਣੇ ਪਿੰਡ ਰੂੜਗੜ੍ਹ ਰੜ ਦੇ ਬਣੇ ਨਵੇਂ ਸਰਪੰਚ

**ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)** ਪਿੰਡ ਰੂੜਗੜ੍ਹ ਰੜ ਤੋਂ (ਰਾਖਵੀਂ) ਸੀਟ ਭਾਰੀ ਬਹੁਮਤ ਨਾਲ ਜਿੱਤ ਕੇ ਸਰਪੰਚ ਬਣੇ ਬੀਬੀ ਕਰਮਜੀਤ ਕੌਰ ਪਤਨੀ ਪਰਮਿੰਦਰ ਸਿੰਘ ਨੇ ਵੋਟਰਾਂ ਦਾ ਧੰਨਵਾਦ ਕੀਤਾ। ਉਹਨਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮੇਰੇ ਨਗਰ ਨੇ ਮੈਨੂੰ ਅਤੇ ਮੇਰੀ ਸਮੁੱਚੀ




ਪੰਚਾਇਤ ਨੂੰ ਐਡਾ ਵੱਡਾ ਮਾਣ ਦਿੱਤਾ ਕਿ ਅਸੀਂ ਇਹਨਾਂ ਦਾ ਕਰਜ ਕਦੇ ਨਹੀਂ ਉਤਾਰ ਸਕਾਂਗੇ। ਉਹਨਾਂ ਅੱਗੇ ਕਿਹਾ ਕਿ ਪਿੰਡ ਦੇ ਜਿੰਨੇ ਵੀ ਅਧੂਰੇ ਕਾਰਜ ਹਨ ਉਹਨਾਂ ਨੂੰ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਰਲ ਮਿਲ ਕੇ ਨੇਪਰੇ ਚਾੜ੍ਹਿਆ ਜਾਵੇਗਾ। ਕੰਮਾਂ ਵਿੱਚ ਕਿਸੇ ਨਾਲ ਵੀ ਭੇਦਭਾਵ ਨਹੀਂ ਕੀਤਾ ਜਾਵੇਗਾ। ਬੀਬਾ ਸਰਪੰਚ ਕਰਮਜੀਤ ਕੌਰ ਨੇ ਜਿੱਥੇ ਵਾਹਿਗੁਰੂ ਪਰਮਾਤਮਾ ਦਾ ਸ਼ੁਕਰੀਆ ਅਦਾ ਕੀਤਾ ਉੱਥੇ ਸਮੁੱਚੇ ਨਗਰ ਨਿਵਾਸੀਆਂ ਦਾ ਕੋਟਨ ਕੋਟ ਧੰਨਵਾਦ ਕਰਦਿਆਂ ਕਿਹਾ ਹੈ ਕਿ ਉਹ ਪਿੰਡ ਵਾਸੀਆਂ ਦੀਆਂ ਆਸਾਂ ਉਮੀਦਾਂ ਤੇ ਪੂਰੀ ਤਰ੍ਹਾਂ ਖਰੇ ਉਤਰਨਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤੋਸ਼ ਚੌਪੜਾ, ਗੁਰਵੀਰ ਸਿੰਘ, ਭੁਪਿੰਦਰ ਸਿੰਘ, ਕਰਮਜੀਤ ਕੌਰ, ਰਜਿੰਦਰ ਸਿੰਘ ਆਦਿ ਜੇਤੂ ਪੰਚਾਇਤ ਮੈਂਬਰ ਹਾਜ਼ਰ ਸਨ।

# ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਯਤਨਾਂ ਨਾਲ ਕੋਟਕਪੂਰਾ ਵਿੱਚ ਝੋਨੇ ਦੀ ਚੁਕਾਈ ਸ਼ੁਰੂ



**ਚੰਡੀਗੜ੍ਹ/ਕੋਟਕਪੂਰਾ, (ਲੋਕ ਬਾਣੀ)** ਰਾਈਸ ਮਿੱਲਰਜ਼ ਐਸੋਸੀਏਸ਼ਨ ਪੰਜਾਬ, ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਦੀ ਚੱਲ ਰਹੀ ਹੜਤਾਲ ਦੌਰਾਨ ਕੋਟਕਪੂਰਾ ਵਿੱਚ ਉਮੀਦ ਦੀ ਕਿਰਨ ਉੱਭਰ ਕੇ ਸਾਹਮਣੇ ਆਈ ਹੈ ਕਿਉਂਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਥਿਤੀ ਨੂੰ ਹੱਲ ਕਰਨ ਲਈ ਨਿੱਜੀ ਤੌਰ ’ਤੇ ਯਤਨ ਕੀਤੇ ਹਨ।

ਸ. ਸੰਧਵਾਂ ਨੇ ਨਿੱਜੀ ਤੌਰ ’ਤੇ ਆਪਣੇ ਹਲਕੇ ਦੇ ਰਾਈਸ ਮਿੱਲਰਾਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦੀਆਂ ਮੰਗਾਂ ਲਈ ਸੰਘਰਸ਼ ਕਰਨ ਲਈ ਵਚਨਬੱਧ ਹਨ ਅਤੇ ਜਲਦੀ ਤੋਂ ਜਲਦੀ ਸਕਾਰਾਤਮਕ ਨਤੀਜੇ ਦੇਣ ਲਈ ਕੰਮ ਕਰਨਗੇ। ਕੋਟਕਪੂਰਾ ਦੇ ਰਾਈਸ ਮਿੱਲਰਾਂ ਨੇ ਆਪਣੇ ਵਿਧਾਇਕ ਅਤੇ ਸਪੀਕਰ ਨਾਲ ਪਿਛਲੇ ਸਮੇਂ ਦਾ ਸਕਾਰਾਤਮਕ ਤਜਰਬਾ ਰੱਖਦਿਆਂ ਰਾਹਤ ਦਾ ਪ੍ਰਗਟਾਵਾ ਕੀਤਾ ਹੈ। ਰਾਈਸ ਮਿੱਲਰਜ਼ ਐਸੋਸੀਏਸ਼ਨ ਕੋਟਕਪੂਰਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਸ. ਸੰਧਵਾਂ ਨੇ ਪਿਛਲੇ ਸਾਲ ਔਖੇ ਸਮਿਆਂ ਦੌਰਾਨ ਚੌਲਾਂ ਦੀ ਸਟੋਰੇਜ ਅਤੇ ਵਪਾਰ ਨਾਲ ਜੁੜੇ ਹੋਰ ਮਾਮਲਿਆਂ ਨੂੰ ਸੁਲਝਾਉਣ ਵਿੱਚ ਮਦਦ ਕੀਤੀ ਸੀ।

ਸਪੀਕਰ ਦੇ ਯਤਨਾਂ ਦੇ ਨਤੀਜੇ ਵਜੋਂ, 64 ਵਿੱਚੋਂ 41 ਮਿੱਲਾਂ ਨੇ ਹੁਣ ਵਿਭਾਗ ਨਾਲ ਸਮਝੌਤਿਆਂ ’ਤੇ ਦਸਤਖਤ ਕਰਨ ਦੀ ਹਾਮੀ ਭਰੀ ਹੈ। ਪਿਛਲੇ ਚਾਰ ਦਿਨਾਂ ਤੋਂ ਕੋਟਕਪੂਰਾ ਦਾਣਾ ਮੰਡੀ ਵਿੱਚੋਂ ਭਾਰੀ ਮਾਤਰਾ ਵਿੱਚ ਝੋਨੇ ਦੀ ਆਮਦ ਹੋਈ ਹੈ ਅਤੇ ਲਿਫਟਿੰਗ ਦੀ ਰਫ਼ਤਾਰ ਸ਼ਲਾਘਾਯੋਗ ਰਹੀ ਹੈ।

# ਕਰਵਾਚੌਥ ਸਪੈਸ਼ਲ

## ਗੁਰਦਾਸਪੁਰ ਚ ਪਤੀ ਦੀ ਲੰਮੀ ਉਮਰ ਲਈ ਕਰਵਾਚੌਥ ਦੇ ਵਰਤ ਮੌਕੇ ਕਰੜਵੜਾ ਵਟਾਉਂਦੀਆਂ ਤੇ ਚੰਦਰਮਾ ਨੂੰ ਅਰਗ ਦਿੰਦੀਆਂ ਸੁਹਾਗਣਾ ।




# ਮਹਾਰਾਜ ਅਜਮੀੜ ਦੇਵ ਜੀ ਦੀ ਜਯੰਤੀ ਦੇ ਸ਼ੁਭ ਮੌਕੇ ਤੇ ਆਪਸੀ ਭਾਈਚਾਰੇ ਨੂੰ ਹੋਰ ਮਜ਼ਬੂਤ ਕਰਨ ਦਾ ਪ੍ਰਣ ਕਰਨਾ ਚਾਹੀਦਾ- ਹੇਮਰਾਜ ਵਰਮਾ ਤੇ ਅੰਮ੍ਰਿਤ ਵਰਮਾ





**ਖਰੜ, (ਕਾਲਾ ਸਿੰਘ ਸੈਣੀ ):** ਸਵਰਨਕਾਰ ਸਮਾਜ ਪੰਜਾਬ ਰਜਿ.ਦੇ ਪ੍ਰਧਾਨ ਹੇਮਰਾਜ ਵਰਮਾ ਅਤੇ ਜਨਰਲ ਸਕੱਤਰ ਅੰਮ੍ਰਿਤ ਵਰਮਾ ਨੇ ਪ੍ਰੈਸ ਨੂੰ ਸਾਂਝੇ ਤੋਰ ਤੇ ਦੱਸਿਆ ਕਿ ਮਹਾਰਾਜ ਅਜਮੀੜ ਦੇਵ ਜੀ ਦੀ ਜਯੰਤੀ ਦੇ ਸ਼ੁਭ ਮੌਕੇ ਤੇ ਆਪਸੀ ਭਾਈਚਾਰੇ ਨੂੰ ਹੋਰ ਮਜ਼ਬੂਤ ਕਰਨ ਦਾ ਪ੍ਰਣ ਕਰਨਾ ਚਾਹੀਦਾਂ ਹੈ,ਕਿ ਮਹਾਰਾਜ ਅਜਮੀੜ ਦੇਵ ਜੀ ਦੀ ਸਿੱਖਿਆਵਾਂ ਅਤੇ ਹੁਨਰ ਤੇ ਚੱਲਣਾ ਸਮੇਂ ਦੀ ਅਹਿਮ ਭੂਮਿਕਾ ਹੈ ਅਤੇ ਇਸ ਨਾਲ ਆਦਮੀ ਅਪਨੇ ਜੀਵਨ ਨੂੰ ਖੁਸ਼ਹਾਲ ਬਣਾ ਸਕਦਾ ਹੈ। ਇੱਥੇ ਇਹ ਵੀ ਦੱਸਿਆ ਗਿਆ ਕਿ ਸਵਰਨਕਾਰੀ ਦੇ ਦੱਸਤੀ ਹੁਨਰ ਨੂੰ ਵੱਧ ਤੋਂ ਵੱਧ ਅਪਨਾਂ ਕੇ ਭਾਈਚਾਰੇ ਦਾ ਪ੍ਰਕਾਸ਼ ਫੈਲਾਣ ਦਾ ਯਤਨ ਕਰਨਾਂ ਚਾਹੀਦਾ ਹੈ,ਤਾਂ ਹੀ ਸਮਾਜ ਵਿੱਚ ਭਾਈਚਾਰਾ ਅਤੇ ਏਕਤਾ ਪੈਦਾ ਹੋ ਸਕਦੀ ਹੈ। ਇਹ ਸੰਸਥਾ ਬਾਰ- ਬਾਰ ਮੁੱਖਮੰਤਰੀ,ਪੰਜਾਬ ਸਰਕਾਰ ਅਤੇ ਸਬੰਧਿਤ ਵਿਭਾਗ ਦੇ ਕੈਬਨਿਟ ਮੰਤਰੀ ਨੂੰ ਸਵਰਨਕਾਰ ਸਮਾਜ ਦੀਆਂ ਮੁੱਖ ਮੰਗਾਂ ਧਿਆਨ ਵਿੱਚ ਰੱਖ ਰਹੇ ਹਾਂ, ਪ੍ਰੰਤੂ ਪ੍ਰਦੇਸ਼ ਵਿੱਚ ਸਮਾਜ ਇਕਜੁੱਟ ਨਾਂ ਹੋਣ ਕਾਰਨ ਸੁਪਨੇਂ ਟੁੱਟ ਕੇ ਚਕਨਾਚੂਰ ਹੋ ਜਾਂਣ ਉਪਰੰਤ ਫਿਰ ਦੁਸਰਾਂ ਸੁਪਨਾ ਦੇਖਣ ਦੇ ਹੌਂਸਲੇ ਨੂੰ ਹੀ ਜ਼ਿੰਦਗੀ ਸਮਝ ਕੇ ਸਵਰਨਕਾਰ ਸਮਾਜ ਅੱਗੇ ਵੱਧ ਰਹਿਆਂ ਹੈ। ਅੱਜ ਦੇ ਸਮੇਂ ਵਿੱਚ ਜ਼ੋ ਗਰੀਬ-ਮਾਧਿਅਮ ਵਰਗ ਦੀਆਂ ਦੁਕਾਨਾਂ ਉੱਤੇ ਲੁੱਟ-ਮਾਰ ਖੁੱਹ ਆਦਿ ਦੀਆਂ ਘਟਨਾਵਾਂ ਦਾ ਸਿਲਸਿਲਾ ਜਾਰੀ ਹੈ, ਇਹ ਬਹੁਤ ਹੀ ਮੰਦਭਾਗਾ ਕੰਮ ਹੈ। ਪ੍ਰੰਤੂ ਜਦੋਂ ਮਾਰ ਕੇ ਦੋੜ ਜਾਂਦੇ ਹਨ ਤਾਂ ਉਹਨਾਂ ਦੇ ਪਰਿਵਾਰਾਂ ਦਾ ਪਾਲਨ-ਪੋਸਨ ਬਹੁਤ ਮੁਸ਼ਕਲ ਹੋ ਜਾਂਦਾ ਹੈ। ਇਸ ਸਬੰਧੀ ਸਰਕਾਰ ਵਲੋਂ ਕੋਈ ਠੋਸ ਉਪਰਾਲੇ ਕਰਨ ਦੀ ਸਖ਼ਤ ਜ਼ਰੂਰਤ ਹੈ ਸਮੂਹ ਸਵਰਨਕਾਰ ਸਮਾਜ ਭਾਈਚਾਰਾਂ ਆਪਨੇ ਜੀਵਨ ਵਿੱਚ ਆਈਆਂ ਮੁਸ਼ਕਲਾਂ ਦਾ ਮਿਲਜੁਲ ਕੇ ਸਾਹਮਣਾਂ ਕਰੇ ਤੇ ਉਹਨਾਂ ਮੁਸ਼ਕਲਾਂ ਤੋਂ ਭੱਜੇ ਨਾਂ ਤੇ ਫਿਰ ਬਹੁਤ ਸਾਰੀਆਂ ਪ੍ਰੇਸ਼ਾਨੀਆਂ ਦਾ ਸਮਾਧਾਨ ਆਸਾਨੀ ਨਾਲ ਹੋ ਸਕਦਾ ਹੈ।

# ਪਿੰਡ ਸਲੇਮਪੁਰ ਦੀ ਸਮੁੱਚੀ ਪੰਚਾਇਤ ਨੇ ਚੇਅਰਮੈਨ ਢਿੱਲੋਂ ਨਾਲ ਕੀਤੀ ਮੁਲਾਕਾਤ



**ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ)** ਪਿੰਡ ਸਲੇਮਪੁਰ ਦੀ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਜਿੱਤ ਤੋਂ ਬਾਅਦ ਸਰਪੰਚ ਭੀਮ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਦਫਤਰ ਧੂਰੀ ਦੇ ਓਐਸਡੀ ਦਲਬੀਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਚੇਅਰਮੈਨ ਢਿੱਲੋ ਨੇ ਸਮੁੱਚੀ ਗ੍ਰਾਮ ਪੰਚਾਇਤ ਨੂੰ ਜਿੱਥੇ ਜਿੱਤ ਦੀ ਵਧਾਈ ਦਿੱਤੀ ਉੱਥੇ ਇੱਕਜੁੱਟ ਹੋ ਕੇ ਪਿੰਡ ਦੀ ਨੁਹਾਰ ਬਦਲਣ ਲਈ ਵੀ ਪ੍ਰੇਰਿਤ ਕੀਤਾ। ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਭੀਮ ਸਿੰਘ ਨੇ ਕਿਹਾ ਹੈ ਕਿ ਮੈਂ ਸਮੁੱਚੇ ਨਗਰ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨਾਂ ਨੇ ਮੈਨੂੰ ਪਿੰਡ ਦੀ ਐਡੀ ਵੱਡੀ ਜਿੰਮੇਵਾਰੀ ਸੌਂਪਣ ਦਾ ਮਾਣ ਬਖਸ਼ਿਆ ਹੈ। ਉਹਨਾਂ ਕਿਹਾ ਹੈ ਕਿ ਮੇਰੀ ਸਮੁੱਚੀ ਗ੍ਰਾਮ ਪੰਚਾਇਤ ਬਿਨਾਂ ਕਿਸੇ ਪੱਖਪਾਤ ਤੋਂ ਪਿੰਡ ਦੇ ਅਧੂਰੇ ਕਾਰਜਾਂ ਨੂੰ ਨੇਪਰੇ ਚਾੜਨ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡੇਗੀ। ਉਹਨਾਂ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਤੋਂ ਵੀ ਆਸ ਪ੍ਰਗਟਾਈ ਕਿ ਉਹ ਪਿੰਡ ਦੀ ਬੇਹਤਰੀ ਲਈ ਉਹਨਾਂ ਦਾ ਸਾਥ ਦਿੰਦੇ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਜਿੰਦਰ ਸਿੰਘ, ਮਹਿੰਦਰ ਸਿੰਘ, ਤਰਲੋਚਨ ਸਿੰਘ, ਜਗਤਾਰ ਸਿੰਘ, ਮਨਜੀਤ ਕੌਰ, ਬੀਰਪਾਲ ਕੌਰ, ਜਸਵਿੰਦਰ ਕੌਰ ਸਾਰੇ ਪੰਚਾਇਤ ਮੈਂਬਰ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਚੁਣੇ ਗਏ ਸਰਪੰਚਾਂ-ਪੰਚਾਂ ਨੇ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਵਿਖੇ ਕੀਤਾ ਵਾਹਿਗੁਰੂ ਦਾ ਸ਼ੁਕਰਾਨਾ

## ਹਲਕਾ ਇੰਚਾਰਜ ਖੁਰਾਣਾ ਤੇ ਚੰਦੀ ਨੇ ਕੀਤਾ ਵੋਟਰਾਂ ਦਾ ਧੰਨਵਾਦ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਸ਼ਹਿਰੀ ਇੰਚਾਰਜ ਸ. ਰਣਜੀਤ ਸਿੰਘ ਖੁਰਾਣਾ ਅਤੇ ਦਿਹਾਤੀ ਹਲਕਾ ਇੰਚਾਰਜ ਸ. ਰਾਜਿੰਦਰ ਸਿੰਘ ਚੰਦੀ ਦੀ ਅਗਵਾਈ ਹੇਠ ਵੱਖ-ਵੱਖ ਪਿੰਡਾਂ ਦੇ ਪਾਰਟੀ ਨਾਲ ਸਬੰਧਤ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਵਲੋਂ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਸਬੰਧੀ ਧਾਰਮਿਕ ਸਮਾਗਮ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਕਰਵਾਇਆ ਗਿਆ। ਇਸ ਮੌਕੇ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ ਗਿਆ ਉਪਰੰਤ ਸਿੱਖ ਪੰਥ ਦੀ ਚੜ੍ਹਦੀ ਕਲਾ, ਸਰਬੱਤ ਦੇ ਭਲੇ ਅਤੇ ਸ਼ੁਕਰਾਨੇ ਦੀ ਅਰਦਾਸ ਹੋਈ। ਸਮਾਗਮ ਦੌਰਾਨ ਸੀਨੀਅਰ ਅਕਾਲੀ ਆਗੂ ਜਰਨੈਲ ਸਿੰਘ ਵਾਹਦ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਨਵੇਂ ਚੁਣੇ ਗਏ ਸਰਪੰਚਾਂ ਅਤੇ ਪੰਚਾਂ ਨੂੰ ਅਸ਼ੀਰਵਾਦ ਦਿੱਤਾ। ਰਣਜੀਤ ਸਿੰਘ ਖੁਰਾਣਾ ਅਤੇ ਰਾਜਿੰਦਰ ਸਿੰਘ ਚੰਦੀ ਨੇ ਕਿਹਾ ਕਿ ਉਹ ਸਮੂਹ ਪਿੰਡਾਂ ਦੇ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਹਨਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾ ਪ੍ਰਤੀ ਵਿਸ਼ਵਾਸ ਪ੍ਰਗਟਾਇਆ ਅਤੇ ਉਹਨਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਬ) ਨੇ ਸੂਬੇ ਦੀ ਸੱਤਾ ਵਿਚ ਰਹਿੰਦੇ ਹੋਏ ਵੀ ਪੇਂਡੂ ਵਿਕਾਸ ਨੂੰ ਤਰਜੀਹ ਦਿੱਤੀ ਸੀ ਉਨਾ ਕਿਹਾ ਕਿ ਜਿੱਤੇ ਹੋਏ ਸਰਪੰਚ ਅਤੇ ਪੰਚ ਪਿੰਡਾਂ ਦੇ ਵਿਕਾਸ ਦੀ ਜੁਮੇਵਾਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਸਤਵਿੰਦਰ ਸਿੰਘ ਘੁਮੰਣ ਨੇ ਨਿਭਾਈ ਇਸ ਮੌਕੇ ਸਰੂਪ ਸਿੰਘ ਖਲਵਾੜਾ, ਬੀਬੀ ਸਰਬਜੀਤ ਕੋਰ, ਹਰਵਿੰਦਰ ਸਿੰਘ ਵਾਲੀਆਂ, ਅਵਤਾਰ ਸਿੰਘ ਭੁੰਗਰਨੀ, ਪਤਵਿੰਦਰ ਸਿੰਘ ਛਾਬੜਾ, ਬਲਜਿੰਦਰ ਸਿੰਘ ਠੇਕੇਦਾਰ, ਕੁਲਵਿੰਦਰ ਸਿੰਘ ਕਿੰਦਾ , ਬਹਾਦਰ ਸਿੰਘ ਸੰਗਤਪੁਰ, ਬਲਵੀਰ ਸਿੰਘ ਗੰਡਮ, ਗੁਰਦਿਆਂਲ ਸਿੰਘ ਲੱਖਪੁਰ, ਨੇ ਅਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਦੇ ਕੀਤੇ ਵਿਕਾਸ ਦੇ ਕੰਮਾ ਨੂੰ ਲੋਕ ਅੱਜ ਯਾਦ ਕਰ ਰਹੇ ਹਨ ਇਸ ਮੌਕੇ ਖੁਰਾਣਾ ਅਤੇ ਚੰਦੀ ਨੇ ਕਿਹਾ ਕਿ ਅਸਲ ਪੰਜਾਬ ਪਿੰਡਾਂ ‘ਚ ਵੱਸਦਾ ਹੈ ਅਤੇ ਪੰਜਾਬ ਤਾਂ ਹੀ ਤਰੱਕੀ ਕਰੇਗਾ ਜਦੋਂ ਇੱਥੋਂ ਦੇ ਪਿੰਡ ਵਿਕਸਿਤ ਹੋਣਗੇ। ਇਸ ਦੌਰਾਨ ਸਮੂਹ ਨਵੇਂ ਚੁਣੇ ਗਏ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨੇ ਵੋਟਰਾਂ ਨਾਲ ਕੀਤੇ ਹਰੇਕ ਵਾਅਦੇ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸ਼ਰਨਜੀਤ ਸਿੰਘ ਅਟਵਾਲ, ਗੁਰਦੀਪ ਸਿੰਘ ਖੇੜਾ, ਪ੍ਰਿਤਪਾਲ ਸਿੰਘ ਮੰਗਾ, ਸੁਖਬੀਰ ਸਿੰਘ ਕਿੰਨੜਾ, ਰਣਜੀਤ ਸਿੰਘ ਜੀਤੀ, ਝਿਰਮਲ ਸਿੰਘ ਭਿੰਡਰ, ਗੁਰਮੁਖ ਸਿੰਘ ਚਾਨਾ, ਬਲਵੀਰ ਸਿੰਘ ਬਿੱਟੂ , ਗੁਰਮੀਤ ਸਿੰਘ ਰਾਵਲਪਿੰਡੀ, ਪ੍ਰਦੀਪ ਸਿੰਘ ਬਸਰਾ, ਤਜਿੰਦਰ ਸਿੰਘ ਵਿੱਕੀ, ਸੁਖਦੀਪ ਸਿੰਘ ਵਾਲੀਆਂ , ਰੋਹਿਤ ਪਾਲ, ਅਵਤਾਰ ਸਿੰਘ ਪੰਮਾ, ਸਤਵਿੰਦਰ ਸਿੰਘ , ਲਾਲੀ ਬਘਾਣਾ, ਅਜੈਬ ਸਿੰਘ, ਸਤਵਿੰਦਰ ਸਿੰਘ, ਹਰਜਾਪ ਸਿੰਘ, ਸਨੀ ਸਾਹਨੀ, ਬਲਜਿੰਦਰ ਸਿੰਘ ਬਾਂਸਲ, ਨਿਰਮਲ ਕੁਮਾਰ , ਸਤਵਿੰਦਰ ਘੁੰਮਣ, ਜਸਵਿੰਦਰ ਘੁੰਮਣ, ਕੁਲਦੀਪ ਸਿੰਘ, ਚਰਨਜੀਤ ਕੌਰ, ਅੰਮ੍ਰਿਤਪਾਲ ਸਿੰਘ ਕੁਲਾਰ, ਜੋਗਾ ਸਿੰਘ ਢੱਡੇ, ਬੱਬੂ ਮਾਣਕ, ਸਨੀ ਵਾਹਦ, ਬਰਜਿੰਦਰ ਪਰਮਾਰ, ਰਣਜੀਤ ਕੌਰ, ਮੱਸਾ ਸਿੰਘ, ਬਲਵੀਰ ਚੰਦ, ਸੁਰਿੰਦਰ ਸਿੰਘ, ਮਨਜੀਤ ਸਿੰਘ, ਜਸਬੀਰ ਕੌਰ ਚੰਦੀ , ਦਿਲਬਾਗ ਸਿੰਘ, ਨਰਿੰਦਰ ਸਿੰਘ ਮਾਧੋਪੁਰ, ਅਮਰੀਕ ਸਿੰਘ, ਪ੍ਰਕਾਸ਼ ਸਿੰਘ, ਸਤਨਾਮ ਸਿੰਘ, ਜਸਵਿੰਦਰ ਸਿੰਘ, ਜਸਵੀਰ ਸਿੰਘ , ਦਿਲਬਾਗ ਸਿੰਘ, ਅਨੀਤਾ ਰਾਣੀ, ਸਤਪਾਲ, ਪਵਿੱਤਰ ਸਿੰਘ , ਬਿੰਦਰ ਸਿੰਘ, ਬਲਵੀਰ ਸਿੰਘ, ਜਸਵੀਰ ਸਿੰਘ, ਕਿਰਨ ਕੁਮਾਰ, ਪ੍ਰਦੀਪ ਸਿੰਘ, ਜਸਵੰਤ ਸਿੰਘ ਆਦਿ ਹਾਜਰ ਸਨ

Email:- lokbani08@gmail.com

# ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਜ਼ਿਮਨੀ ਚੋਣਾਂ ਲਈ ਆਪਣੇ ਉਮੀਦਵਾਰਾਂ ਦਾ ਕੀਤਾ ਐਲਾਨ






**ਚੰਡੀਗੜ੍ਹ, (ਲੋਕ ਬਾਣੀ)**- ਆਮ ਆਦਮੀ ਪਾਰਟੀ (ਆਪ) ਨੇ ਐਤਵਾਰ ਨੂੰ ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ 13 ਨਵੰਬਰ ਨੂੰ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ।

ਪਾਰਟੀ ਨੇ ਗਿੱਦੜਬਾਹਾ ਵਿਧਾਨ ਸਭਾ ਹਲਕੇ ਤੋਂ ਸੁਖਬੀਰ ਬਾਦਲ ਦੇ ਕਰੀਬੀ ਰਹਿ ਚੁੱਕੇ ਹਰਦੀਪ ਸਿੰਘ ਡਿੰਪੀ ਢਿੱਲੋਂ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਬਰਨਾਲਾ ਤੋਂ ਪਾਰਟੀ ਨੇ ਆਪਣੇ ਪੁਰਾਣੇ ਵਰਕਰ ਹਰਿੰਦਰ ਸਿੰਘ ਧਾਲੀਵਾਲ (35 ਸਾਲ) ਦੇ ਨਾਂ ਦਾ ਐਲਾਨ ਕੀਤਾ ਹੈ। ਬਰਨਾਲਾ ਵਿਧਾਨ ਸਭਾ ਸੀਟ 'ਆਪ' ਸਰਕਾਰ ਦੇ ਸਾਬਕਾ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਦੇ ਸੰਗਰੂਰ ਤੋਂ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋ ਗਈ ਸੀ। ਹਰਿੰਦਰ ਧਾਲੀਵਾਲ ਨੇ ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਬਨੂੜ ਤੋਂ ਇੰਜੀਨੀਅਰਿੰਗ ਦੀ ਪੜ੍ਹਾਈ ਕੀਤੀ ਹੈ। ਉਹ 2012 ਤੋਂ ਆਮ ਆਦਮੀ ਪਾਰਟੀ ਲਈ ਕੰਮ ਕਰ ਰਹੇ ਹਨ। 'ਆਪ' ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਦੇ ਬੇਟੇ ਈਸ਼ਾਨ ਚੱਬੇਵਾਲ ਵਿਧਾਨ ਸਭਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹੋਣਗੇ। ਇਹ ਸੀਟ ਵੀ ਡਾ. ਰਾਜਕੁਮਾਰ ਚੱਬੇਵਾਲ ਦੇ ਹੁਸ਼ਿਆਰਪੁਰ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਬਣਨ ਤੋਂ ਬਾਅਦ ਖਾਲੀ ਹੋ ਗਈ ਸੀ। ਈਸ਼ਾਨ ਚੱਬੇਵਾਲ ਪੇਸ਼ੇ ਤੋਂ ਡਾਕਟਰ ਹਨ। ਉਨ੍ਹਾਂ ਨੇ ਦਯਾਨੰਦ ਮੈਡੀਕਲ ਕਾਲਜ, ਲੁਧਿਆਣਾ ਤੋਂ ਐਮਬੀਬੀਐਸ ਅਤੇ ਐਮਡੀ ਦੀ ਪੜ੍ਹਾਈ ਕੀਤੀ ਹੈ। ਪਾਰਟੀ ਨੇ ਗੁਰਦੀਪ ਸਿੰਘ ਰੰਧਾਵਾ ਨੂੰ ਡੇਰਾ ਬਾਬਾ ਨਾਨਕ ਵਿਧਾਨ ਸਭਾ ਤੋਂ ਆਪਣਾ ਉਮੀਦਵਾਰ ਐਲਾਨਿਆ ਹੈ। ਰੰਧਾਵਾ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਹੋਣ ਤੋਂ ਇਲਾਵਾ ਉਦਯੋਗ ਬੋਰਡ ਦੇ ਸੀਨੀਅਰ ਡਿਪਟੀ ਚੇਅਰਮੈਨ ਵੀ ਹਨ। ਉਹ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਥੋਂ ਪਾਰਟੀ ਦੇ ਉਮੀਦਵਾਰ ਵੀ ਸਨ।

# ਡਿਪਟੀ ਕਮਿਸ਼ਨਰ ਤੇ ਹਲਕਾ MLA ਸ਼੍ਰੀ ਚਮਕੌਰ ਸਾਹਿਬ ਨੇ (ਸੀ.ਐਚ. ਸੀ) ਚਮਕੌਰ ਸਾਹਿਬ ਦੀ ਬਿਲਡਿੰਗ ਦੇ ਨਿਰਮਾਣ ਕਾਰਜਾਂ ਦਾ ਲਿਆ ਜਾਇਜ਼ਾ



**ਸ੍ਰੀ ਚਮਕੌਰ ਸਾਹਿਬ, ( ਲੋਕ ਬਾਣੀ)** ਹਲਕਾ ਵਿਧਾਇਕ ਸ਼੍ਰੀ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ, ਡਿਪਟੀ ਕਮਿਸ਼ਨਰ ਰੂਪਨਗਰ ਸ੍ਰੀ ਹਿਮਾਂਸ਼ੂ ਜੈਨ (ਆਈਏਐਸ) ਵੱਲੋਂ ਸਿਵਲ ਸਰਜਨ ਰੂਪਨਗਰ ਡਾ. ਤਰਸੇਮ ਸਿੰਘ ਦੀ ਮੌਜੂਦਗੀ ਵਿੱਚ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ. ਸੀ) ਚਮਕੌਰ ਸਾਹਿਬ ਦੀ ਬਿਲਡਿੰਗ ਦੇ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲਿਆ ਗਿਆ।

ਇਸ ਮੌਕੇ ਉਨ੍ਹਾਂ ਵੱਲੋਂ ਸੀ.ਐਚ.ਸੀ. ਦੇ ਚੱਲ ਰਹੇ ਅਤੇ ਬਾਕੀ ਬਚਦੇ ਕੰਮਾਂ ਸਬੰਧੀ ਸਿਵਲ ਸਰਜਨ ਰੂਪਨਗਰ ਅਤੇ ਐਸ.ਐਮ.ਓ. ਸੀ.ਐਚ.ਸੀ ਚਮਕੌਰ ਸਾਹਿਬ ਡਾ. ਗੋਬਿੰਦ ਟੰਡਨ ਨਾਲ ਵਿਸਥਾਰ ਸਹਿਤ ਚਰਚਾ ਕੀਤੀ ਗਈ ਅਤੇ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਸੀ.ਐਚ.ਸੀ ਦੇ ਬਾਕੀ ਰਹਿੰਦੇ ਕੰਮਾਂ ਨੂੰ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਜਲਦੀ ਪੂਰਾ ਕਰਨਾ ਸੁਨਿਸ਼ਚਿਤ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਚੰਗੀਆਂ ਸਿਹਤ ਸੁਵਿਧਾਵਾਂ ਜਲਦੀ ਤੋਂ ਜਲਦੀ ਮੁਹੱਈਆ ਕਰਵਾਈਆਂ ਜਾ ਸਕਣ।

ਇਸ ਮੌਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਿਹਾ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਸਿਹਤ ਪ੍ਰਦਾਨ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ, ਇਸੇ ਤਹਿਤ ਹੀ ਹਲਕਾ ਵਾਸੀਆਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਕਮਿਊਨਿਟੀ ਹੈਲਥ ਸੈਂਟਰ ਦੀ ਬਿਲਡਿੰਗ ਦਾ ਨਿਰਮਾਣ ਕਾਰਜ ਕੀਤਾ ਜਾ ਰਿਹਾ ਹੈ ਜਿਸ ਨੂੰ ਜਲਦ ਹੀ ਸੰਪੂਰਨ ਕਰਕੇ ਇਲਾਕਾ ਵਾਸੀਆਂ ਦੀ ਸੇਵਾਵਾਂ ਲਈ ਵਰਤਿਆਂ ਜਾਵੇਗਾ।

ਇਸ ਮੌਕੇ ਉਨ੍ਹਾਂ ਨਾਲ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਸਿਟੀ ਬਲਾਚੌਰ ਦੀ ਪੁਲਿਸ 40 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਆਰੋਪੀ ਕੀਤਾ ਕਾਬੂ।

**ਨਵਾਂ ਸ਼ਹਿਰ, ( ਲੋਕ ਬਾਣੀ)** ਸਿਟੀ ਬਲਾਚੌਰ ਦੇ ਮੁੱਖ ਅਫਸਰ ਸਬ ਇੰਸਪੈਕਟਰ ਸਤਨਾਮ ਸਿੰਘ ਦੀ ਅਗਵਾਈ ਹੇਠ ਮਿਤੀ 19-10-2024 ਨੂੰ ਏਐਸਆਈ ਲਖਵੀਰ ਚੰਦ ਨੇ ਸਮੇਤ ਪੁਲਿਸ ਪਾਰਟੀ ਚੈਕਿੰਗ ਦੌਰਾਨ ਸ਼ੱਕੀ ਅਤੇ ਭੈੜੇ ਪੁਰਸ਼ਾ ਸਬੰਧੀ ਜਦੋਂ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਨੇੜੇ ਟੀ ਪੁਆਇੰਟ ਘਮੋਰ ਬਾਈਪਾਸ ਬਲਾਚੌਰ ਵਿਖੇ ਮੌਜੂਦ ਸੀ ਤਾ ਵਕਤ ਕਰੀਬ 08:00 ਵਜੇ ਦਾ ਹੋਵੇਗਾ ਕਿ ਸਾਹਮਣੇ ਤੋ ਇੱਕ ਮੋਨਾ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ ਜਿਸ ਨੇ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਕੇ ਆਪਣੇ ਪਹਿਨੇ ਹੋਏ ਪਜਾਮੇ ਦੀ ਸੱਜੀ ਜੇਬ ਵਿਚੋ ਇੱਕ ਪਾਰਦਰਸ਼ੀ ਲਿਫਾਫੀ ਸੁੱਟ ਕੇ ਆਪ ਪਿਛੇ ਨੂੰ ਤੇਜ ਕਦਮੀ ਹੋ ਕੇ ਤੁਰ ਪਿਆ ਜਿਸ ਨੂੰ ਏਐਸਆਈ ਲਖਵੀਰ ਚੰਦ ਵਲੋ ਕਾਬੂ ਕਰਕੇ ਨਾਮ ਪਤਾ ਪੁਛਿਆ ਜਿਸ ਨੇ ਆਪਣਾ ਨਾਮ ਪਰਮਜੀਤ ਸਿੰਘ ਉਰਫ ਦਾਨੀ ਪੁੱਤਰ ਸੁੱਚਾ ਸਿੰਘ ਵਾਸੀ ਮਜਾਰੀ ਥਾਣਾ ਸਦਰ ਬਲਾਚੌਰ ਦੱਸਿਆ ਜਿਸ ਪਾਸੋਂ ਸੁੱਟੀ ਲਿਫਾਫੀ ਲਿਫਾਫੀ ਚੈਕ ਕਰਨ ਤੇ ਉਸ ਵਿੱਚੋ 40 ਨਸ਼ੀਲੀਆ ਗੋਲੀਆਂ ਬਿਨਾ ਲੈਬਲ ਰੰਗ ਚਿੱਟਾ ਬਰਾਮਦ ਹੋਇਆ ਪੁਲਿਸ ਨੇ ਉਕਤ ਮੁਲਜ਼ਮ ਖ਼ਿਲਾਫ਼ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮੋਹਾਲੀ ਪ੍ਰਸ਼ਾਸਨ ਵੱਲੋਂ ਖੇਤਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ- ਡੀ ਸੀ

## ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਦੀ ਰੋਕਥਾਮ ਲਈ ਸੀਨੀਅਰ ਅਧਿਕਾਰੀ ਜ਼ਮੀਨੀ ਪੱਧਰ 'ਤੇ ਲਾਏ ਗਏ



**ਐਸ.ਏ.ਐਸ.ਨਗਰ, ( ਲੋਕ ਬਾਣੀ)** ਮੁਹਾਲੀ ਜ਼ਿਲ੍ਹੇ ਵਿੱਚ ਖੇਤਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਸੀਨੀਅਰ ਅਧਿਕਾਰੀਆਂ ਨੂੰ ਰੋਕਥਾਮ ਲਈ 'ਤੇ ਤਾਇਨਾਤ ਕਰ ਕੇ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਡੀ ਸੀ ਤੋਂ ਸ਼ੁਰੂ ਹੋ ਕੇ ਏ ਡੀ ਸੀਜ਼, ਐਸ ਡੀ ਐਮਜ਼, ਡੀ ਆਰ ਕੋਆਪਰੇਟਿਵ ਅਤੇ ਪੀ ਪੀ ਸੀ ਬੀ ਦੇ ਅਧਿਕਾਰੀ ਫੀਲਡ ਏਰੀਏ ਦਾ ਦੌਰਾ ਕਰਕੇ ਨੋਡਲ ਅਫਸਰਾਂ ਦੇ ਨਾਲ-ਨਾਲ ਪਿੰਡਾਂ ਵਿੱਚ ਤਾਇਨਾਤ ਫੀਲਡ ਅਫਸਰਾਂ ਦੀ ਮੌਜੂਦਗੀ ਦੀ ਜਾਂਚ ਕਰਨ ਤੋਂ ਇਲਾਵਾ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਟੀਮਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਾਪਰਨ ਦੀ ਸੂਰਤ ਵਿੱਚ ਫਾਇਰ ਟੈਂਡਰਾਂ ਜਾਂ ਹੋਰ ਉਪਾਵਾਂ ਦੀ ਮਦਦ ਨਾਲ ਤੁਰੰਤ ਕਾਰਵਾਈ ਕਰਨ ਲਈ ਕਿਹਾ ਗਿਆ ਹੈ। ਕਿਸਾਨ ਵੱਲੋਂ ਵਿਰੋਧ ਕਰਨ ਦੀ ਸੂਰਤ ਵਿੱਚ ਕਿਸੇ ਵੀ ਸਮੇਂ ਖੇਤ ਦਾ ਦੌਰਾ ਕਰਨ ਲਈ ਪੁਲੀਸ ਨੂੰ ਵੀ ਚੌਕਸ ਰੱਖਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਵਧੀਕ ਡਿਪਟੀ ਕਮਿਸ਼ਨਰ (ਜਨਰਲ ਅਤੇ ਵਿਕਾਸ), ਉਪ ਮੰਡਲ ਮੈਜਿਸਟਰੇਟ ਰੋਜ਼ਾਨਾ ਨੋਡਲ ਅਤੇ ਕਲੱਸਟਰ ਅਫਸਰਾਂ ਦੀ ਫੀਲਡ ਵਿੱਚ ਮੌਜੂਦਗੀ ਦੀ ਜਾਂਚ ਕਰਕੇ ਕੰਮ ਦੀ ਨਿਗਰਾਨੀ ਕਰ ਰਹੇ ਹਨ। ਇਸੇ ਤਰਾਂ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਲਈ ਐਸ.ਡੀ.ਐਮਜ਼ ਰੋਜ਼ਾਨਾ ਉਨ੍ਹਾਂ ਦੇ ਪਿੰਡਾਂ ਦਾ ਦੌਰਾ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਅੱਗ ਲੱਗਣ ਦੀਆਂ ਘਟਨਾਵਾਂ ਦੀ ਸੂਚੀ ਬਣਾਉਣ ਲਈ ਚੈਕਿੰਗ ਕੀਤੀ ਜਾ ਰਹੀ ਹੈ ਕਿ ਜੇਕਰ ਇਹ ਕਮਿਸ਼ਨ ਏਜੰਟ, ਨੰਬਰਦਾਰ, ਪੰਚਾਇਤ ਮੈਂਬਰ, ਪੰਚਾਇਤੀ ਜ਼ਮੀਨ ਦੇ ਲੀਜ਼ ਹੋਲਡਰਾਂ ਜਾਂ ਪਿੰਡਾਂ ਦੀ ਸ਼ਾਮਲਾਟ ਜ਼ਮੀਨ, ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਖੁਦਮੁਖਤਿਆਰ ਸੰਸਥਾਵਾਂ ਦੇ ਕਰਮਚਾਰੀ ਹਨ ਤਾਂ ਉਸ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਸਾਡੇ ਕੋਲ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਵੱਲੋਂ 26 ਕੇਸ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚੋਂ ਕੇਵਲ 07 ਦੀ ਪੁਸ਼ਟੀ ਖੇਤਾਂ ਦਾ ਦੌਰਾ ਕਰਨ 'ਤੇ ਹੋਈ ਹੈ। ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲਿਆਂ ਤੋਂ 20,000 ਰੁਪਏ ਦਾ ਵਾਤਾਵਰਣ ਜੁਰਮਾਨਾ ਵਸੂਲ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਪਰਾਲੀ ਦੀ ਮਸ਼ੀਨੀ ਸੰਭਾਲ ਲਈ ਮਸ਼ੀਨਰੀ ਮੁਹੱਈਆ ਕਰਵਾਈ ਗਈ ਹੈ ਅਤੇ ਨਾਲ ਹੀ ਪੂਸਾ ਬਾਇਓ-ਡਿਸਕੰਪੋਜ਼ਰ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਮਿੱਟੀ ਵਿੱਚ ਮਿਲਾਇਆ ਜਾ ਸਕੇ।

# ਡਿਪਟੀ ਕਮਿਸ਼ਨਰ ਬਠਿੰਡਾ ਵੱਲੋਂ ਸ਼ੀਸ਼ ਮਹਿਲ ਸਕਾਈਲਾਈਨ ਲਗਜ਼ਰੀ ਫਲੈਟਾਂ ਦਾ ਉਦਘਾਟਨ



**ਬਠਿੰਡਾ, (ਲੋਕ ਬਾਣੀ)** : ਡਿਪਟੀ ਕਮਿਸ਼ਨਰ ਬਠਿੰਡਾ ਸ਼ੌਕਤ ਅਹਿਮਦ ਪਰੇ ਨੇ ਮਿੱਤਲ ਗਰੁੱਪ ਵੱਲੋਂ ਬਣਾਏ ਜਾ ਰਹੇ ਲਗਜ਼ਰੀ ਪ੍ਰੋਜੈਕਟ ਸ਼ੀਸ ਮਹਿਲ ਸਕਾਈ ਲਾਈਨ ਦੇ ਸੈਂਪਲ ਫਲੈਟਾਂ ਦੀ ਰਸਮੀ ਸ਼ੁਰੂਆਤ ਰੀਬਨ ਕੱਟ ਕੇ ਕੀਤੀ ਅਤੇ ਪ੍ਰਬੰਧਕਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਮਿੱਤਲ ਗਰੁੱਪ ਦੇ ਜੁਆਇੰਟ ਮੈਨੇਜਿੰਗ ਡਾਇਰੈਕਟਰ ਕੁਸ਼ਲ ਮਿੱਤਲ ਤੋਂ ਇਲਾਵਾ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ। ਬਠਿੰਡਾ -ਡੱਬਵਾਲੀ ਮਾਰਗ 'ਤੇ ਸ਼ੀਸ਼ ਮਹਿਲ ਕਾਲੋਨੀ ਵਿਖੇ ਬਣੇ ਲਗਜ਼ਰੀ ਪ੍ਰੋਜੈਕਟ ਸ਼ੀਸ਼ ਮਹਿਲ ਸਕਾਈ ਲਾਈਨ 'ਚ ਕੁੱਲ 180 ਫਲੈਟ ਬਣਾਏ ਜਾ ਰਹੇ ਹਨ ਜਿਨ੍ਹਾਂ ਵਿਚੋਂ ਚਾਰ ਫਲੈਟਾਂ ਲੋਕਾਂ ਦੇ ਦੇਖਣ ਲਈ ਮੁਕੰਮਲ ਕੀਤਾ ਗਿਆ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਮਿੱਤਲ ਗਰੁੱਪ ਵੱਲੋਂ ਬਠਿੰਡਾ ਦੇ ਸਰਵਪੱਖੀ ਵਿਕਾਸ 'ਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਵੀ ਕੀਤੀ।

ਉਨ੍ਹਾਂ ਦੱਸਿਆ ਕਿ ਅੱਜ ਬਠਿੰਡਾ ਹਰ ਪੱਖ ਤੋਂ ਤਰੱਕੀ ਕਰ ਰਿਹਾ ਹੈ ਅਤੇ ਇਥੇ ਏਮਜ਼, ਸੈਂਟਰਲ ਯੂਨੀਵਰਸਿਟੀ ਅਤੇ ਹੋਰ ਵੱਡੇ ਉਦਯੋਗਿਕ ਇਕਾਈਆਂ ਆਉਣ ਨਾਲ ਰਿਹਾਇਸ਼ ਲਈ ਘਰ ਦੀ ਮੰਗ ਵਧ ਗਈ ਹੈ ਜਿਸ 'ਚ ਇਹ ਫਲੈਟ ਅਹਿਮ ਯੋਗਦਾਨ ਪਾਉਣਗੇ। ਉਨ੍ਹਾਂ ਦੱਸਿਆ ਕਿ ਆਉਣ ਵਾਲਾ ਸਮਾਂ ਹਾਈ ਫਾਈ ਇਮਾਰਤਾਂ ਦਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਅੰਦਰ ਅਜਿਹੇ ਹੋਰ ਪ੍ਰੋਜੈਕਟ ਲਿਆਉਣ ਦੀ ਸੂਰਤ 'ਚ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦਿਵਾਇਆ। ਇਸ ਮੌਕੇ ਮਿੱਤਲ ਗਰੁੱਪ ਦੇ ਜੁਆਇੰਟ ਮੈਨੇਜਿੰਗ ਡਾਇਰੈਕਟਰ ਕੁਸ਼ਲ ਮਿੱਤਲ ਨੇ ਦੱਸਿਆ ਕਿ ਇਨ੍ਹਾਂ ਫਲੈਟਾਂ ਨੂੰ ਪਹਿਲਾਂ ਤਿਆਰ ਕਰਨ ਦਾ ਮੁੱਖ ਮਕਸਦ ਗਾਹਕ ਨੂੰ ਇਸ ਸਬੰਧ 'ਚ ਪੂਰੀ ਜਾਣਕਾਰੀ ਮਹੱਈਆ ਕਰਵਾਉਣਾ ਹੈ ਤਾਂ ਜੋ ਪਤਾ ਲੱਗ ਸਕੇ ਕਿ ਉਸ ਨੂੰ ਕਿਸ ਤਰ੍ਹਾਂ ਦੀ ਚੀਜ਼ ਦਿੱਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ ਉਨ੍ਹਾਂ ਨੇ ਬਠਿੰਡਾ 'ਚ 700 ਤੋਂ ਜ਼ਿਆਦਾ ਫਲੈਟ ਤਿਆਰ ਕਰਕੇ ਦਿੱਤੇ ਚੁੱਕੇ ਹਨ ਜਿਨ੍ਹਾਂ 'ਚ ਸੈਂਕੜੇ ਪਰਿਵਾਰ ਖ਼ੁਸ਼ੀ ਖ਼ੁਸ਼ੀ ਰਹਿ ਰਹੇ ਹਨ। ਸਕਾਈ ਲਾਈਨ ਪ੍ਰੋਜੈਕਟ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹ ਪ੍ਰੋਜੈਕਟ ਹਰ ਤਰ੍ਹਾਂ ਦੀਆਂ ਅਧੁਨਿਕ ਸਹੂਲਤਾਂ ਨਾਲ ਲੈਸ ਹੈ। ਉਨ੍ਹਾਂ ਦੱਸਿਆ ਕਿ ਅੱਜ ਗ੍ਰਾਹਕਾਂ ਲਈ ਚਾਰ ਸੈਂਪਲ ਫਲੈਟ ਤਿਆਰ ਕਰਕੇ ਖੋਹਲ ਦਿੱਤੇ ਗਏ ਹਨ। ਉਨ੍ਹਾਂ ਇਸ ਮੌਕੇ ਪ੍ਰੋਜੈਕਟ 'ਚ ਰਹਿਣ ਵਾਲੇ ਲੋਕਾਂ ਨੂੰ ਮਿਲਣ ਵਾਲੀਆਂ ਖੇਡ ਸਟੇਡੀਅਮ, ਕਲੱਬ ਵਰਗੀਆਂ ਸਹੂਲਤਾਂ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਵੱਖ ਵੱਖ ਬੈਂਕਾਂ ਜਿਵੇ ਐਸਬੀਆਈ, ਆਈਸੀਆਈਸੀਆਈ, ਪੀਐਨਬੀ, ਕੈਨਰਾ, ਐਚਡੀਐੱਫਸੀ ਵਰਗੇ ਬੈਂਕਾਂ ਨੇ ਲੋਕਾਂ ਨੂੰ ਆਸਾਨ ਲੋਨ ਸਬੰਧੀ ਜਾਣਕਾਰੀ ਦੇਣ ਲਈ ਆਪਣੇ ਵਿਸ਼ੇਸ਼ ਕਾਊਂਟਰ ਵੀ ਲਾਏ ਹੋਏ ਸਨ।

# ਬਰਨਾਲਾ ਜਿਮਨੀ ਚੋਣ : ਉਮੀਦਵਾਰ ਦੇ ਐਲਾਨ ਨਾਲ ਉੱਠੀਆਂ ਬਾਗੀ ਸੁਰਾਂ



**ਬਠਿੰਡਾ, ( ਲੋਕ ਬਾਣੀ)** ਪੰਜਾਬ ਦੀਆਂ ਚਾਰ ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਲਈ ਆਮ ਆਦਮੀ ਪਾਰਟੀ ਵੱਲੋਂ ਟਿਕਟਾਂ ਦੀ ਸੂਚੀ ਜ਼ਾਰੀ ਹੋਣ ਤੋਂ ਕੁੱਝ ਸਮੇਂ ਬਾਅਦ ਵੀ ਆਪ ਦਾ ਗੜ੍ਹ ਸਮਝੇ ਜਾਂਦੇ ਬਰਨਾਲਾ 'ਚ ਬਾਗੀ ਸੁਰਾਂ ਉੱਠੀਆਂ ਹਨ ਜਿੰਨ੍ਹਾਂ ਨੂੰ ਪਾਰਟੀ ਦੀ ਸਿਆਸੀ ਸਿਹਤ ਲਈ ਚੰਗਾ ਸ਼ਗਨ ਨਹੀਂ ਮੰਨਿਆ ਜਾ ਰਿਹਾ ਹੈ। ਆਮ ਆਦਮੀ ਪਾਰਟੀ ਨੇ ਅੱਜ ਬਰਨਾਲਾ ਹਲਕੇ ਤੋਂ ਆਪ ਦੇ ਐਮਪੀ ਗੁਰਮੀਤ ਸਿੰਘ ਮੀਤ ਹੇਅਰ ਦੇ ਖਾਸਮਖਾਸ ਮੰਨੇ ਜਾਂਦੇ ਉਸ ਦੀ ਕਥਿਤ ਮਾਸੀ ਦੇ ਮੁੰਡੇ ਹਰਿੰਦਰ ਸਿੰਘ ਧਾਲੀਵਾਲ ਨੂੰ ਬਰਨਾਲਾ ਜਿਮਨੀ ਚੋਣ ਲਈ ਉਮੀਦਵਾਰ ਐਲਾਨਿਆ ਹੈ। ਪਾਰਟੀ ਦੇ ਜਿਲ੍ਹਾ ਪ੍ਰਧਾਨ ਅਤੇ ਜਿਲਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਦੀਪ ਸਿੰਘ ਬਾਠ ਨੇ ਸ਼ੋਸ਼ਲ ਮੀਡੀਆ ਤੇ ਲਾਈਵ ਹੋ ਕੇ ਆਮ ਆਦਮੀ ਪਾਰਟੀ ਤੇ ਪ੍ਰੀਵਾਰ ਪ੍ਰਸਤੀ ਦੇ ਦੋਸ਼ ਲਾਏ ਹਨ।

ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਪਾਰਟੀ ਦੇ ਵਰਕਰਾਂ ਵਿੱਚ ਨਿਰਾਸ਼ਾ ਅਤੇ ਗੁੱਸੇ ਦੀ ਲਹਿਰ ਪੈਦਾ ਹੋ ਗਈ ਹੈ। ਬਾਠ ਨੇ ਅੱਜ ਬਰਨਾਲਾ 'ਚ ਪ੍ਰੈਸ ਕਾਨਫਰੰਸ ਕਰਕੇ ਐਲਾਨ ਕੀਤਾ ਕਿ ਉਹ ਅਗਲੇ 24 ਘੰਟਿਆਂ ਦੌਰਾਨ ਆਪਣੀ ਅਗਲੀ ਰਣਨੀਤੀ ਦਾ ਐਲਾਨ ਕਰਨਗੇ। ਉਨ੍ਹਾਂ ਕਿਹਾ ਕਿ ਉਹ ਅਗਲਾ ਫੈਸਲਾ ਲੈਣ ਤੋਂ ਪਹਿਲਾਂ ਵਰਕਰਾਂ ਅਤੇ ਇਲਾਕਾ ਵਾਸੀਆਂ ਨਾਲ ਸਲਾਹ ਕਰਾਂਗੇ। ਉਨ੍ਹਾਂ ਕਿਹਾ ਕਿ ਪਾਰਟੀ ਹਾਈਕਮਾਂਡ ਨੂੰ ਉਨ੍ਹਾਂ ਦੀ ਗਲਤੀ ਦਾ ਅਹਿਸਾਸ ਵਿਧਾਨ ਸਭਾ ਚੋਣ ਵਿੱਚ ਕਰਵਾਇਆ ਜਾਏਗਾ। ਕਾਫੀ ਦੁਖੀ ਨਜ਼ਰ ਆ ਰਹੇ ਗੁਰਦੀਪ ਸਿੰਘ ਬਾਠ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਉਮੀਦ ਨਹੀਂ ਸੀ ਕਿ ਪਾਰਟੀ, ਲੰਘੇ 8-10 ਸਾਲਾਂ ਤੋਂ ਤਨਦੇਹੀ ਨਾਲ ਮਿਹਨਤ ਕਰਦੇ ਵਰਕਰਾਂ ਨੂੰ ਨਜ਼ਰਅੰਦਾਜ ਕਰਕੇ,ਪਰਿਵਾਰਵਾਦ ਤੇ ਹੀ ਮੋਹਰ ਲਗਾ ਦੇਵੇਗੀ।

ਉਨ੍ਹਾਂ ਕਿਹਾ ਕਿ ਪਾਰਟੀ ਨੇ ਐਮ.ਪੀ. ਰਾਜ ਕੁਮਾਰ ਚੱਬੇਵਾਲ ਦੇ ਪੁੱਤਰ ਈਸ਼ਾਨ ਚੱਬੇਵਾਲ ਨੂੰ ਹਲਕਾ ਚੱਬੇਵਾਲ ਤੋਂ ਵਿਧਾਨ ਸਭਾ ਦਾ ਉਮੀਦਵਾਰ ਬਣਾਇਆ ਹੈ ਅਤੇ ਗਿੱਦੜਬਾਹਾ ਤੋਂ ਅਕਾਲੀ ਦਲ ਚੋਂ ਹਾਲ ਹੀ ਵਿੱਚ ਲਿਆਂਦੇ ਹਰਦੀਪ ਸਿੰਘ ਡਿੰਪੀ ਢਿੱਲੋਂ ਨੂੰ ਟਿਕਟਾਂ ਦੇ ਕੇ, ਪਰਿਵਾਰਵਾਦ ਅਤੇ ਦਲਬਦਲੀ ਨੂੰ ਉਤਸ਼ਾਹਿਤ ਕੀਤਾ ਹੈ ਜੋਕਿ ਪਾਰਟੀ ਦੀਆਂ ਨੀਤੀਆਂ ਤੋਂ ਬਿਲਕੁਲ ਉਲਟ ਹੈ। ਦੱਸਣਯੋਗ ਹੈ ਕਿ ਸਾਲ 2014 ਦੀ ਲੋਕ ਸਭਾ ਚੋਣ ਵਿੱਚ ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਨੂੰ ਲੋਕ ਸਭਾ ਹਲਕਾ ਸੰਗਰੂਰ ਦੇ ਲੋਕਾਂ ਨੇ 2 ਲੱਖ ਤੋਂ ਵਧੇਰੇ ਵੋਟਾਂ ਨਾਲ ਜਿਤਾਇਆ ਸੀ। ਇਸ ਮੌਕੇ ਅਕਾਲੀ ਆਗੂ ਸੁਖਦੇਵ ਸਿੰਘ ਢੀਂਡਸਾ,ਵਿਜੇਇੰਦਰ ਸਿੰਗਲਾ ਅਤੇ ਸਿਮਰਨਜੀਤ ਸਿੰਘ ਮਾਨ ਵਰਗੇ ਸਿਆਸੀ ਥੰਮ੍ਹ ਹਾਰ ਗਏ ਸਨ।

ਇਸ ਤੋਂ ਬਾਅਦ ਆਮ ਆਦਮੀ ਪਾਰਟੀ ਦਾ ਅਜਿਹਾ ਅਧਾਰ ਬਣਿਆ ਕਿ ਵਿਧਾਨ ਸਭਾ ਚੋਣਾਂ 2017, ਲੋਕ ਸਭਾ ਚੋਣਾਂ 2019 ਅਤੇ ਵਿਧਾਨ ਸਭਾ 2022 ਅਤੇ ਹੁਣ ਲੋਕ ਸਭਾ ਚੋਣ 2024 ਵਿੱਚ ਲਗਾਤਾਰ ਬਰਨਾਲਾ ਜਿਲ੍ਹੇ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਬਰਨਾਲਾ,ਮਹਿਲ ਕਲਾਂ ਅਤੇ ਭਦੌੜ ਤੋਂ ਪਾਰਟੀ ਨੇ ਵੱਡੀ ਜਿੱਤ ਦਰਜ ਕੀਤੀ ਸੀ। ਇਹ ਪਹਿਲੀ ਵਾਰ ਹੋਇਆ ਹੈ ਕਿ ਆਮ ਆਦਮੀ ਪਾਰਟੀ ਨੂੰ ਆਪਣੇ ਹੀ ਗੜ੍ਹ 'ਚ ਬਗਾਵਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਦੇ ਅਸਰ ਚੋਣ ਨਤੀਜਿਆਂ ਤੇ ਦੇਖਣ ਨੂੰ ਮਿਲਣ ਦੀ ਸੰਭਾਵਨਾ ਰੱਦ ਨਹੀਂ ਕੀਤੀ ਜਾ ਸਕਦੀ ਹੈ।

# ਨੰਬਰਦਾਰਾਂ ਨਾਲ ਮੀਟਿੰਗ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਕੀਤੀ ਅਪੀਲ



**ਸ਼੍ਰੀ ਹਰਗੋਬਿੰਦਪੁਰ ਸਾਹਿਬ / ਗੁਰਦਾਸਪੁਰ ( ਲੋਕ ਬਾਣੀ)** ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਰਾਲੀ ਨਾ ਸਾੜਨ ਤੇ ਪਰਾਲੀ ਨੂੰ ਸਾਂਭਣ ਲਈ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੇ ਚੱਲਦਿਆਂ ਸ਼੍ਰੀ ਹਰਗੋਬਿੰਦਪੁਰ ਸਾਹਿਬ ਬਲਾਕ ਵਿਖੇ ਨੰਬਰਦਾਰਾਂ ਨਾਲ ਨਾਇਬ ਤਹਿਸੀਲਦਾਰ ਹਰਮਨਪ੍ਰੀਤ ਸਿੰਘ ਚੀਮਾ ਅਤੇ ਖੇਤੀਬਾੜੀ ਵਿਸਥਾਰ ਅਫਸਰ ਡਾਕਟਰ ਬਲਵਿੰਦਰ ਕੌਰ ਵਲੋਂ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਉਨ੍ਹਾਂ ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪੋ- ਆਪਣੇ ਪਿੰਡਾਂ ਵਿੱਚ ਕਿਸਾਨਾਂ ਨੂੰ ਪਰਾਲੀ ਦੇ ਨਾੜ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕਰਨ ਅਤੇ ਜਿਲ੍ਹਾ ਪ੍ਰਸ਼ਾਸਨ ਵਲੋਂ ਮੁਹੱਈਆ ਕਰਵਾਈ ਗਈ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਕਹਿਣ। ਨਾਇਬ ਤਹਿਸੀਲਦਾਰ ਹਰਮਨਪ੍ਰੀਤ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਲਗਾਤਾਰ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਤੇ ਪਰਾਲੀ ਪਰਬੰਧਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਤੋਂ ਪ੍ਰਣ ਲਿਆ ਜਾ ਰਿਹਾ ਹੈ ਕਿ ਉਹ ਕਿ ਪਰਾਲੀ ਦੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਉਣਗੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਹ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ। ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਪਿੰਡ ਪੱਧਰ ਤੱਕ ਨੋਡਲ ਅਫਸਰ ਲਗਾਏ ਗਏ ਹਨ।

ਉਨ੍ਹਾਂ ਕਿਹਾ ਕਿ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਜਾਂ ਹੈਲਪ ਲਾਈਨ ਨੰ 1800-180-1852 ਤੇ ਸੰਪਰਕ ਕਰਨ।

# DC ਗੁਰਦਾਸਪੁਰ ਨੇ ਦਾਣਾ ਮੰਡੀ ਵਿੱਚ ਜਾ ਕੇ ਖਰੀਦ ਤੇ ਚੁਕਾਈ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਕਾਦੀਆਂ/ਗੁਰਦਾਸਪੁਰ (ਲੋਕ ਬਾਣੀ)** ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਖਰੀਦ ਕੇਂਦਰਾਂ ਵਿੱਚ ਝੋਨੇ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਜਾਰੀ ਹੈ ਅਤੇ ਖਰੀਦ ਤੇ ਚੁਕਾਈ ਪ੍ਰਬੰਧਾਂ ਦਾ ਡਿਪਟੀ ਕਮਿਸ਼ਨਰ, ਉਮਾ ਸ਼ੰਕਰ ਵਲੋਂ ਮੰਡੀਆਂ ਵਿੱਚ ਜਾ ਕੇ ਖੁਦ ਜਾਇਜ਼ਾ ਲਿਆ ਜਾ ਰਿਹਾ ਹੈ।

ਅੱਜ ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ, ਦਾਣਾ ਮੰਡੀ ਕਾਦੀਆਂ ਵਿਖੇ ਪਹੁੰਚ ਤੇ ਅਧਿਕਾਰੀਆਂ ਕੋਲੋ ਖਰੀਦ, ਚੁਕਾਈ ਤੇ ਅਦਾਇਗੀ ਬਾਰੇ ਜਾਣਕਾਰੀ ਲਈ। ਇਸ ਤੋਂ ਪਹਿਲਾਂ ਉਨ੍ਹਾਂ ਦਾਣਾ ਮੰਡੀ ਕਾਹਨੂੰਵਾਨ ਵਿਖੇ ਜਾ ਕੇ ਵੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ, ਅਧਿਕਾਰੀਆਂ ਵਲੋਂ ਫਸਲ ਦੀ ਚੈੱਕ ਕੀਤੀ ਜਾ ਰਹੀ ਨਮੀ ਦੀ ਸਮੁੱਚੀ ਪ੍ਰਕਿਰਿਆ ਵੀ ਵੇਖੀ। ਇਸ ਮੌਕੇ ਸੁਖਜਿੰਦਰ ਸਿੰਘ, ਡੀਐਫਐਸਸੀ ਗੁਰਦਾਸਪੁਰ, ਖਰੀਦ ਏਜੰਸੀਆਂ ਦੇ ਨੁਮਾਇੰਦੇ, ਕਿਸਾਨ ਅਤੇ ਆੜਤੀ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਕਿਸਾਨਾਂ ਨਾਲ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਜਿਲ੍ਹਾ ਪ੍ਰਸ਼ਾਸਨ, ਕਿਸਾਨਾਂ ਨਾਲ ਖੜਾ ਹੈ। ਝੋਨੇ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਅਤੇ ਮੰਡੀਆਂ ਵਿੱਚ ਖਰੀਦ ਕੀਤੇ ਝੋਨੇ ਦੀ ਚੁਕਾਈ ਵਿੱਚ ਹੋਰ ਤੇਜ਼ੀ ਲਿਆਂਦੀ ਜਾ ਰਹੀ ਹੈ, ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਫਸਲ ਲਿਆਉਣ ਦੀ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਆੜਤੀਆਂ ਨਾਲ ਵੀ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਫਸਲ ਦੀ ਖਰੀਦ ਦੇ ਨਾਲ ਫਸਲ ਦੀ ਚੁਕਾਈ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਸਬੰਧਿਤ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚੋਂ ਖਰੀਦ ਕੀਤੇ ਗਏ ਝੋਨੇ ਦੀ ਚੁਕਾਈ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ ਕਿਸਾਨਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 48 ਘੰਟਿਆਂ ਵਿੱਚ ਕਰਨੀ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਉਹ ਅਲਾਟ ਕੀਤੇ ਗਏ ਖਰੀਦ ਕੇਂਦਰਾਂ ਵਿੱਚ ਹਾਜ਼ਰ ਰਹਿਣ ਅਤੇ ਸਰਕਾਰੀ ਖਰੀਦ ਦੇ ਮਾਪਦੰਡਾਂ 'ਤੇ ਪੂਰੇ ਉੱਤਰਦੇ ਝੋਨੇ ਦੀ ਤੁਰੰਤ ਖਰੀਦ ਯਕੀਨੀ ਬਣਾਉਣ ਉਨਾਂ ਕਿਹਾ ਕਿ ਮੰਡੀਆਂ ਵਿੱਚੋਂ ਖਰੀਦ ਕੀਤੇ ਗਏ ਝੋਨੇ ਦੀ ਚੁਕਾਈ ਨਾਲ ਦੀ ਨਾਲ ਕਰਨ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣ ਅਤੇ ਮੰਡੀਆਂ ਵਿੱਚ ਕਿਸਾਨਾਂ ਨੰ ਨਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੂਰੇ ਪੱਕੇ ਹੋਏ ਝੋਨੇ ਦੀ ਹੀ ਕਟਾਈ ਕਰਵਾਉਣ, ਹਰਾ ਅਤੇ ਨਮੀ ਵਾਲਾ ਝੋਨਾ ਨਾ ਕਟਾਉਣ ਤਾਂ ਕਿ ਉਹਨਾਂ ਨੂੰ ਮੰਡੀਆਂ ਵਿੱਚ ਆਪਣਾ ਝੋਨਾ ਵੇਚਣ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲ ਦੀ ਕਟਾਈ ਤੋਂ ਬਾਅਦ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ। ਪਰਾਲੀ ਪਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ।

ਦੱਸਣਯੋਗ ਹੈ ਕਿ ਬੀਤੇ ਦਿਨ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 77611 ਮੀਟਰਕ ਟਨ ਝੋਨੇ ਦੀ ਆਮਦ ਹੋਈ ਸੀ, ਜਿਸ ਵਿਚੋਂ 70299 ਮੀਟਰਿਕ ਟਨ ਝੋਨੇ ਦੀ ਖ਼ਰੀਦ ਕਰ ਲਈ ਗਈ ਹੈ।ਪਨਗਰੇਨ ਵਲੋਂ 25161 ਮੀਟਰਕ ਟਨ, ਮਾਰਕਫੈੱਡ ਵਲੋਂ 16521 ਮੀਟਰਕ ਟਨ, ਪਨਸਪ ਵਲੋਂ 19529 ਮੀਟਰਕ ਟਨ , ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵਲੋਂ 9088 ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਗਈ। ਮੰਡੀਆਂ ਵਿੱਚ ਕਰੀਬ 42 ਫੀਸਦ ਫਸਲ ਦੀ ਚੁਕਾਈ ਕੀਤੀ ਜਾ ਚੁੱਕੀ ਹੈ।

**ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।**

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਖੇਤੀਬਾੜੀ ਵਿਭਾਗ ਦੀਆਂ ਟੀਮਾਂ ਐਤਵਾਰ ਨੂੰ ਵੀ ਜ਼ਿਲ੍ਹੇ ਦੇ ਪਿੰਡਾਂ ਵਿੱਚ ਪਰਾਲੀ ਸਾੜਨ ਦੇ ਰੁਝਾਨ ਨੂੰ ਰੋਕਣ ਲਈ ਫੈਲਾ ਰਹੀਆਂ ਜਾਗਰੂਕਤਾ






**ਫਾਜ਼ਿਲਕਾ, ( ਲੋਕ ਬਾਣੀ)** - ਖੇਤੀਬਾੜੀ ਵਿਭਾਗ ਦੀਆਂ ਟੀਮਾਂ ਐਤਵਾਰ ਨੂੰ ਵੀ ਜ਼ਿਲ੍ਹੇ ਅੰਦਰ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਨੂੰ ਰੋਕਣ ਲਈ ਜਾਗਰੂਕਤਾ ਫੈਲਾ ਰਹੀਆਂ ਹਨ੍ਹ ਜਾਣਕਾਰੀ ਦਿੰਦਿਆ ਮੁੱਖ ਖੇਤੀਬਾੜੀ ਅਫ਼ਸਰ ਸੰਦੀਪ ਰਿਣਵਾਂ ਨੇ ਦੱਸਿਆ ਕਿ ਵਿਭਾਗ ਦੇ ਅਧਿਕਾਰੀਆਂ ਵੱਲੋਂ ਛੁੱਟੀ ਵਾਲੇ ਦਿਨ ਵੀ ਕਿਸਾਨਾਂ ਨਾਲ ਰਾਬਤਾ ਕਾਇਮ ਕਰਦਿਆਂ ਝੋਨੇ ਦੀ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ੍ਹ

ਉਨਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਬਲਾਕ ਜਲਾਲਾਬਾਦ, ਅਬੋਹਰ, ਫਾਜ਼ਿਲਕਾ ਸਮੇਤ ਵੱਖ ਵੱਖ ਪਿੰਡਾਂ ਵਿੱਚ ਪਹੁੰਚ ਰਿਹਾ ਹੈ ਤੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਦਾ ਸੁਯੋਗ ਢੰਗ ਨਾਲ ਪ੍ਰੇਰਿਤ ਕਰ ਰਿਹਾ ਹੈ੍ਹ ਉਹਨਾਂ ਕਿਹਾ ਕਿ ਕਿਸਾਨਾਂ ਨੂੰ ਪ੍ਰੇਰਿਤ ਕਰਨ ਹਿੱਤ ਵਿਭਾਗ ਵੱਲੋਂ ਜਾਗਰੂਕਤਾ ਵੈਨਾ ਪਿੰਡਾਂ ਵਿੱਚ ਭੇਜੀਆਂ ਗਈਆਂ ਹਨ ਜਿਸ ਰਾਹੀਂ ਪਰਾਲੀ ਸਾੜਨ ਦੇ ਨੁਕਸਾਨ ਬਾਰੇ ਕਿਸਾਨਾਂ ਨੂੰ ਦੱਸਿਆ ਜਾ ਰਿਹਾ ਹੈ੍ਹ

ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਵਿਭਾਗ ਦੀਆਂ ਟੀਮਾਂ ਵੱਲੋਂ ਚੱਕ ਦੁਮਾਲ, ਚੱਕ ਪਾਲੀ ਵਾਲਾ, ਢਾਬ ਘੜਿਆਲ, ਤੋਤਿਆਂ ਵਾਲਾ, ਬਜੀਦਪੁਰ ਭੋਮਾ, ਬੇਗਾਂਵਾਲੀ, ਥੇਹ ਕਲੰਦਰ, ਉਝਾਂ ਵਾਲੀ, ਖੁੰਡ ਵਾਲਾ, ਜੋੜਕੀ ਅੰਧੇ ਵਾਲੀ, ਰਾਜਾਂ ਵਾਲੀ, ਚੱਕ ਪੱਖੀ, ਮੁਹਾਰ ਸਿੰਘ ਵਾਲਾ, ਦੁਤਾਰਾਂ ਵਾਲੀ, ਬਾਹਮਣੀ ਵਾਲਾ ਆਦਿ ਪਿੰਡਾਂ ਵਿੱਚ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਬਾਰੇ ਪ੍ਰੇਰਿਤ ਕੀਤਾ ਗਿਆ ਅਤੇ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ੍ਹ ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਪਿੰਡਾਂ ਵਿਚ ਸਬਸਿਡੀ ਵਾਲੀਆਂ ਮਸ਼ੀਨਾਂ ਦੀ ਸੂਚੀਆਂ ਸਾਂਝੀਆਂ ਕੀਤੀਆਂ ਗਈਆਂ ਹਨ ਜਿਸ ਤੋਂ ਕਿਸਾਨ ਵੀਰ ਕਿਰਾਏ ਤੇ ਲੈ ਕੇ ਪਰਾਲੀ ਪ੍ਰਬੰਧਨ ਕਰ ਸਕਦੇ ਹਨ੍ਹ ਇਸ ਤੋਂ ਇਲਾਵਾ ਪਿੰਡਾਂ ਵਿਖੇ ਤਾਇਨਾਤ ਕੀਤੇ ਗਏ ਨੋਡਲ ਅਫ਼ਸਰ ਵੀ ਲਗਾਤਾਰ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਜਾਗਰੂਕ ਕਰ ਰਹੇ ਹਨ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਅਤੇ ਖੇਤੀਬਾੜੀ ਦੇ ਆਧੁਨਿਕ ਸੰਦਾਂ ਦੀ ਵਰਤੋਂ ਨਾਲ ਇਸ ਦਾ ਸਹੀ ਪ੍ਰਬੰਧਨ ਕਰਕੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾਵੇ ਅਤੇ ਜਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਿਆ ਜਾਵੇ।

ਉਹਨਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਬਾਰੇ ਮੁਸ਼ਕਿਲ ਆ ਰਹੀ ਹੈ ਤਾਂ ਉਹ ਆਪਣੇ ਪਿੰਡ ਨਾਲ ਸੰਬੰਧਿਤ ਨੋਡਲ ਅਫਸਰ ਨਾਲ ਸੰਪਰਕ ਜ਼ਰੂਰ ਕਰਨ੍ਹ

# ਸਰਬਸੰਮਤੀ ਨਾਲ ਚੁਣੀ ਗਈ ਪਿੰਡ ਨੀਵਾਂ ਰਿਉਣਾ ਦੀ ਪੰਚਾਇਤ ਨੂੰ ਹਲਕਾ MLA ਲਖਬੀਰ ਸਿੰਘ ਰਾਏ ਵੱਲੋਂ ਕੀਤਾ ਗਿਆ ਸਨਮਾਨਿਤ



**ਫਤਹਿਗੜ੍ਹ ਸਾਹਿਬ ( ਲੋਕ ਬਾਣੀ)** :- ਪਿੰਡ ਨੀਵਾਂ ਰਿਉਣਾ ਦੀ ਸਰਬ ਸੰਮਤੀ ਨਾਲ ਚੁਣੀ ਗਈ। ਸਮੂਹ ਪੰਚਾਇਤ ਨੂੰ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਸਮੂਹ ਪਿੰਡ ਵਾਸੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ, ਕਿ ਸਮੂਹ ਪਿੰਡ ਨੀਵਾਂ ਰਿਉਣਾ ਵਧਾਈ ਦਾ ਪਾਤਰ ਹੈ।ਜਿਸਨੇ ਆਪਣੀ ਸਿਆਣਪ ਤੇ ਸੂਝਬੂਝ ਦੀ ਮਿਸਾਲ ਦਿੱਤੀ। ਸਰਬ ਸੰਮਤੀ ਨਾਲ ਚੁਣੇ ਗਏ ਸਰਪੰਚ ਪਰਮਜੀਤ ਸਿੰਘ ਵੱਲੋਂ ਸਮੂਹ ਨਗਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ, ਕਿ ਇਹ ਸਰਬਸੰਮਤੀ ਸਮੂਹ ਪਿੰਡ ਦੀ ਹੈ ਅਤੇ ਸਿਆਣਪ ਦੀ ਮਿਸਾਲ ਵੀ ਹੈ।

ਸਰਪੰਚ ਪਰਮਜੀਤ ਸਿੰਘ ਨੇ ਕਿਹਾ ਕਿ ਪਿੰਡ ਦੇ ਜੋ ਵੀ ਅਧੂਰੇ ਕਾਰਜ ਹੋਣਗੇ। ਉਹ ਪਹਿਲੇ ਦੇ ਅਧਾਰ ਤੇ ਕੀਤੇ ਜਾਣਗੇ ਅਤੇ ਆਪਣਾ ਪਿੰਡ ਸਾਫ ਸੁਥਰਾ ਸੋਹਣਾ ਅਤੇ ਨਸ਼ੇ ਤੋਂ ਰਹਿਤ ਬਣਾਉਣ ਦੀ ਪਹਿਲ ਕੀਤੀ ਜਾਵੇਗੀ ਅਤੇ ਨੌਜਵਾਨਾਂ ਨੂੰ ਨਸ਼ੇ ਤੋਂ ਰਹਿਤ ਖੇਡਾਂ ਨਾਲ ਜੋੜਿਆ ਜਾਵੇਗਾ ਅਤੇ ਸਿਹਤ ਸਹੂਲਤਾਂ ਦਾ ਵੀ ਧਿਆਨ ਰੱਖਿਆ ਜਾਵੇਗਾ। ਇਸ ਮੌਕੇ ਪਿੰਡ ਦੀ ਸਮੂਹ ਪੰਚਾਇਤ ਅਤੇ ਪਿੰਡ ਵਾਸੀ ਹਾਜ਼ਰ ਸਨ। ਜਿਨਾਂ ਵਿੱਚੋਂ ਪੰਚ ਕਮਲਜੀਤ ਕੌਰ,ਹਰਦੀਪ ਸਿੰਘ, ਕੁਲਦੀਪ ਸਿੰਘ, ਹਰਿੰਦਰ ਸਿੰਘ, ਬਲਜਿੰਦਰ ਕੌਰ, ਰਜਵੰਤ ਸਿੰਘ, ਸਾਬਕਾ ਸਰਪੰਚ ਜਗਤਾਰ ਸਿੰਘ, ਨਿਰਮਲ ਸਿੰਘ ਰਿਉਣਾ,ਅਮਰੀਕ ਸਿੰਘ ਰਿਉਣਾ,ਬਲਦੇਵ ਦਾਸ, ਰਣਜੋਤ ਸਿੰਘ, ਨਰਿੰਦਰ ਸਿੰਘ, ਜਤਿੰਦਰ ਸਿੰਘ ਯੂਕੇ, ਭੁਪਿੰਦਰ ਸਿੰਘ ਬਰਵਾਲੀ ਵਾਲੇ, ਗੁਰਵਿੰਦਰ ਸਿੰਘ ਗੋਰਖਾ, ਰਣਜੀਤ ਸਿੰਘ ਆਦਿ ਹਾਜ਼ਰ ਰਹੇ।

# ਚੰਡੀਗੜ੍ਹ ਯੂਨੀਵਰਸਿਟੀ ਦੇ ਕਾਨੂੰਨ ਵਿਭਾਗ (ਯੂ.ਆਈ.ਐਲ.ਐਸ.) ਵੱਲੋਂ ਕਰਵਾਏ ਗਏ ਯੂਥ ਪਾਰਲੀਮੈਂਟ ਸਮਾਗਮ ਵਿੱਚ ਐਡਵੋਕੇਟ ਚੇਤਨ ਸਹਿਗਲ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ










**ਚੰਡੀਗੜ੍ਹ ( ਲੋਕ ਬਾਣੀ)**- ਚੰਡੀਗੜ੍ਹ ਯੂਨੀਵਰਸਿਟੀ ਦੇ ਸਾਲਾਨਾ ਟੈਕ ਫੈਸਟ, ਟੈਕ ਇਨਵੈਂਟ 2024 ਦਾ ਉਦਘਾਟਨ ਸ਼ੁੱਕਰਵਾਰ ਨੂੰ ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ ਨੇ ਕੀਤਾ, ਜਿਸ ਵਿੱਚ ਦੇਸ਼ ਭਰ ਦੇ ਨੌਜਵਾਨਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਨਵੀਨਤਾ ਪੈਦਾ ਕਰਨ ਅਤੇ ਉਤਸ਼ਾਹਿਤ ਕਰਨ ਲਈ ਭਾਰਤ ਦੇ ਸਭ ਤੋਂ ਵੱਡੇ ਤਕਨੀਕੀ ਸਮਾਗਮਾਂ ਵਿੱਚੋਂ ਇੱਕ ਵਿੱਚ ਇਕੱਠੇ ਕੀਤਾ ਗਿਆ।

ਇਸ ਮੌਕੇ ਚੰਡੀਗੜ੍ਹ ਯੂਨੀਵਰਸਿਟੀ ਦੇ ਕਾਨੂੰਨ ਵਿਭਾਗ (ਯੂ.ਆਈ. ਐਲ.ਐਸ.) ਵੱਲੋਂ ਕਰਵਾਏ ਗਏ ਯੂਥ ਪਾਰਲੀਮੈਂਟ ਸਮਾਗਮ ਵਿੱਚ ਪੰਜਾਬ ਐਂਡ ਹਰਿਆਣਾ ਹਾਈਕੋਰਟ ਅਤੇ ਸੁਪਰੀਮ ਕੋਰਟ ਦੇ ਵਕੀਲ ਚੇਤਨ ਸਹਿਗਲ ਐਲਐਲਐਮ ਨੇ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋਫੈਸਰ ਡਾ. ਇਮਰਾਨ ਡਾਇਰੈਕਟਰ ਯੂ.ਆਈ.ਐਲ.ਐਸ.(ਕਾਨੂੰਨ ਵਿਭਾਗ), ਪ੍ਰੋਫੈਸਰ ਡਾ.ਕੋਮਲ ਵਿਗ ਡੀਨ ਯੂ.ਆਈ.ਐਲ.ਐਸ., ਡਾ.ਅੰਮ੍ਰਿਤਪਾਲ ਕੌਰ ਐਚ.ਓ.ਡੀ.ਬੀ.ਏ.ਐਲ. ਐਲ.ਬੀ., ਐਡਵੋਕੇਟ ਮਨਦੀਪ ਨਾਗਪਾਲ ਵੀ ਹਾਜ਼ਰ ਸਨ। ਉਨ੍ਹਾਂ ਸਮਾਗਮ ਵਿੱਚ ਹਾਜ਼ਰ ਕਾਨੂੰਨ ਦੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਵੀ ਵੰਡੇ। ਚੇਤਨ ਸਹਿਗਲ ਨੇ ਦੱਸਿਆ ਕਿ ਬਾਰ ਕੌਂਸਲ ਆਫ਼ ਇੰਡੀਆ ਦੁਆਰਾ ਪ੍ਰਵਾਨਿਤ, ਯੂਨੀਵਰਸਿਟੀ ਇੰਸਟੀਚਿਊਟ ਆਫ਼ ਲੀਗਲ ਸਟਡੀਜ਼ ("9*♥) ਨੂੰ ਪੰਜਾਬ ਦੇ ਸਭ ਤੋਂ ਵਧੀਆ ਲਾਅ ਕਾਲਜਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ ਅਤੇ ਇਹ ਕਾਨੂੰਨੀ ਖੋਜ ਅਤੇ ਅਧਿਆਪਨ ਲਈ ਇੱਕ ਪ੍ਰਸਿੱਧ ਕੇਂਦਰ ਹੈ। ਕਾਲਜ ਭਵਿੱਖ ਦੇ ਗਤੀਸ਼ੀਲ ਕਾਨੂੰਨੀ ਪੇਸ਼ੇਵਰ ਪੈਦਾ ਕਰਦਾ ਹੈ ਜੋ ਉਭਰਦੀਆਂ ਚੁਣੌਤੀਆਂ ਦੇ ਬਾਵਜੂਦ ਸਮੇਂ ਦੀਆਂ ਲੋੜਾਂ ਨੂੰ ਗੰਭੀਰਤਾ ਨਾਲ ਸਮਝ ਅਤੇ ਮੁਲਾਂਕਣ ਕਰ ਸਕਦੇ ਹਨ। ਵਿਦਿਆਰਥੀਆਂ ਨੂੰ ਇੱਕ ਤੀਬਰ ਅਤੇ ਉਦਯੋਗ-ਸੰਗਠਿਤ ਪਾਠਕ੍ਰਮ ਪ੍ਰਦਾਨ ਕਰਨਾ, "9*♥ ਲੋੜੀਂਦੇ ਡੋਮੇਨ-ਵਿਸ਼ੇਸ਼ ਹੁਨਰ ਅਤੇ ਨੈਤਿਕ ਮੁੱਲ ਪ੍ਰਦਾਨ ਕਰਦਾ ਹੈ।

ਚੰਡੀਗੜ੍ਹ ਯੂਨੀਵਰਸਿਟੀ ਬਾਰੇ ਚੇਤਨ ਸਹਿਗਲ ਨੇ ਦੱਸਿਆ ਕਿ ਚੰਡੀਗੜ੍ਹ ਯੂਨੀਵਰਸਿਟੀ ਇੱਕ ਰਾਸ਼ਟਰੀ ਮੁਲਾਂਕਣ ਅਤੇ ਮਾਨਤਾ ਪ੍ਰੀਸ਼ਦ (©113) 1+ ਗ੍ਰੇਡ ਯੂਨੀਵਰਸਿਟੀ ਅਤੇ ਇੱਕ ♠♥ ਵਿਸ਼ਵ ਦਰਜਾ ਪ੍ਰਾਪਤ ਯੂਨੀਵਰਸਿਟੀ ਹੈ। ਇਹ ਖੁਦਮੁਖਤਿਆਰ ਵਿਧਿਅਕ ਸੰਸਥਾ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਦੁਆਰਾ ਪ੍ਰਵਾਨਿਤ ਹੈ ਅਤੇ ਪੰਜਾਬ ਰਾਜ ਵਿੱਚ ਚੰਡੀਗੜ੍ਹ ਦੇ ਨੇੜੇ ਸਥਿਤ ਹੈ। ਇਹ ਭਾਰਤ ਦੀ ਸਭ ਤੋਂ ਯੁਵਾ ਯੂਨੀਵਰਸਿਟੀ ਹੈ ਅਤੇ ਪੰਜਾਬ ਦੀ ਇਕਲੌਤੀ ਪ੍ਰਾਈਵੇਟ ਯੂਨੀਵਰਸਿਟੀ ਹੈ ਜਿਸ ਨੂੰ ©113 (ਨੈਸ਼ਨਲ ਅਸੈਸਮੈਂਟ ਐਂਡ ਐਕ੍ਰੀਡੇਸ਼ਨ ਕੌਂਸਲ) ਦੁਆਰਾ 1+ ਗ੍ਰੇਡ ਦਿੱਤਾ ਗਿਆ ਹੈ। 3" ਇੰਜੀਨੀਅਰਿੰਗ, ਪ੍ਰਬੰਧਨ, ਫਾਰਮੇਸੀ, ਕਾਨੂੰਨ, ਆਰਕੀਟੈਕਚਰ, ਪੱਤਰਕਾਰੀ, ਐਨੀਮੇਸ਼ਨ, ਹੋਟਲ ਪ੍ਰਬੰਧਨ, ਵਣਜ ਅਤੇ ਹੋਰ ਖੇਤਰਾਂ ਵਿੱਚ 109 ਤੋਂ ਵੱਧ "7 ਅਤੇ ♦7 ਪ੍ਰੋਗਰਾਮਾਂ ਦੀ ਪੇਸ਼ਕਸ਼ ਕਰਦਾ ਹੈ। ਇਸ ਨੂੰ ⇨3♣3 ਦੁਆਰਾ ਸਰਵੋਤਮ ਪਲੇਸਮੈਂਟ ਨਾਲ ਯੂਨੀਵਰਸਿਟੀ ਵਜੋਂ ਸਨਮਾਨਿਤ ਕੀਤਾ ਗਿਆ ਹੈ।